SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6


ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 63 | Thursday, March 30, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਬਜਟ ਵਿੱਚ ਫਾਰਮਾਕੇਅਰ ਦਾ ਕੋਈ ਜ਼ਿਕਰ ਨਾ ਹੋਣ ਕਾਰਨ ਕੀ ਹੋਵੇਗਾ ਲਿਬਰਲ-ਐਨਡੀਪੀ ਡੀਲ ਨੂੰ ਖ਼ਤਰਾ?

ਓਟਵਾ, 29 ਮਾਰਚ (ਪੋਸਟ ਬਿਊਰੋ) : ਫੈਡਰਲ ਬਜਟ ਵਿੱਚ ਹੋਈ ਆਪਣੀ ਜਿੱਤ ਬਾਰੇ ਐਨਡੀਪੀ ਆਗੂ ਜਗਮੀਤ ਸਿੰਘ ਨੇ ਬੁੱਧਵਾਰ ਨੂੰ ਹੋਈ ਆਪਣੀ ਕਾਕਸ ਮੀਟਿੰਗ ਵਿੱਚ ਖੁੱਭ ਹੁੱਭ ਕੇ ਦੱਸਿਆ ਤੇ ਸਾਰਿਆਂ ਨੂੰ ਵਧਾਈ ਦਿੱਤੀ।



ਪਰ ਐਨਡੀਪੀ ਆਗੂ ਦੇ ਭਾਸ਼ਣ ਵਿੱਚੋਂ ਤੇ ਬਜਟ 2023-24 ਦੇ ਖਰਚਿਆਂ ਸਬੰਧੀ ਪਲੈਨ ਵਿੱਚੋਂ ਜਿਹੜਾ ਮੁੱਦਾ ਗਾਇਬ ਸੀ ਉਹ ਸੀ ਪਾਰਟੀ ਦੀ ਸੱਭ ਤੋਂ ਵੱਡੀ ਤਰਜੀਹ ਰਿਹਾ ਫਾਰਮਾਕੇਅਰ। ਐਨਡੀਪੀ ਦੇ ਸਮਰਥਨ ਬਦਲੇ ਕੌਨਫੀਡੈਂਸ ਐਂਡ ਸਪਲਾਈ ਅਗਰੀਮੈਂਟ ਵਿੱਚ ਇਹ ਸ਼ਰਤ ਮੁੱਖ ਤੌਰ ਉੱਤੇ ਸ਼ਾਮਲ ਸੀ ਕਿ ਇਸ ਸਾਲ ਦੇ ਅੰਤ ਤੱਕ ਸਰਕਾਰ ਫਾਰਮਾਕੇਅਰ ਫਰੇਮਵਰਕ ਬਾਰੇ ਬਿੱਲ ਪੇਸ਼ ਕਰੇਗੀ। ਇਸ ਬਾਰੇ ਭਾਵੇਂ ਦੋਵਾਂ ਪਾਰਟੀਆਂ ਵੱਲੋਂ ਕੋਈ ਗੱਲ ਨਹੀਂ ਕੀਤੀ ਜਾ ਰਹੀ ਪਰ ਦੋਵਾਂ ਧਿਰਾਂ ਦਾ ਕਹਿਣਾ ਹੈ ਕਿ ਅਜੇ ਵੀ ਸਾਰਾ ਕੁੱਝ ਟਰੈਕ ਉੱਤੇ ਹੈ। ਪਰ ਜੇ ਬਿੱਲ ਦਸੰਬਰ ਤੱਕ ਵੀ ਪੇਸ਼ ਕੀਤਾ ਜਾਂਦਾ ਹੈ ਤਾਂ ਉਸ ਨੂੰ ਅਮਲ ਵਿੱਚ ਕਦੋਂ ਲਿਆਂਦਾ ਜਾਵੇਗਾ ਤੇ ਕਦੋਂ ਕੈਨੇਡੀਅਨਜ਼ ਨੂੰ ਇਸ ਦਾ ਫਾਇਦਾ ਹੋਣਾ ਸ਼ੁਰੂ ਹੋਵੇਗਾ?

ਇਹ ਪੁੱਛੇ ਜਾਣ ਉੱਤੇ ਕਿ ਬਜਟ ਵਿੱਚ ਐਨਡੀਪੀ ਦੀਆਂ ਕਈ ਤਰਜੀਹਾਂ ਨੂੰ ਸ਼ਾਮਲ ਕੀਤਾ ਗਿਆ ਪਰ ਸੱਭ ਤੋਂ ਜ਼ਰੂਰੀ ਤੇ ਅਹਿਮ ਫਾਰਮਾਕੇਅਰ ਦਾ ਕੋਈ ਜ਼ਿਕਰ ਹੀ ਨਹੀਂ ਹੋਇਆ, ਜਗਮੀਤ ਸਿੰਘ ਨੇ ਆਖਿਆ ਕਿ ਅਸੀਂ ਸਰਕਾਰ ਨੂੰ ਉੱਥੋਂ ਤੱਕ ਲੈ ਕੇ ਆਉਣ ਵਿੱਚ ਕਾਮਯਾਬ ਹੋਏ ਹਾਂ ਜਿੱਥੇ ਗੱਲਬਾਤ ਕੀਤੀ ਜਾ ਸਕਦੀ ਹੈ। ਪਰ ਮੰਗਲਵਾਰ ਨੂੰ ਪੇਸ਼ ਕੀਤੇ ਬਜਟ ਵਿੱਚ ਸਰਕਾਰ ਵੱਲੋਂ ਨਵੇਂ ਡੈਂਟਲ ਕੇਅਰ ਪ੍ਰੋਗਰਾਮ ਵਿੱਚ ਕਈ ਬਿਲੀਅਨ ਡਾਲਰ ਖਰਚ ਕਰਨ ਦੇ ਕੀਤੇ ਵਾਅਦੇ ਨੂੰ ਐਨਡੀਪੀ ਆਗੂ ਨੇ ਆਪਣੀ ਜਿੱਤ ਦੱਸਿਆ।

ਇੱਕ ਪਾਸੇ ਸਿਆਸੀ ਮਾਹਿਰ ਤੇ ਕੰਜ਼ਰਵੇਟਿਵ ਇਸ ਬਜਟ ਨੂੰ ਐਨਡੀਪੀ ਵੱਲੋਂ ਪ੍ਰੇਰਿਤ ਬਜਟ ਦੱਸ ਰਹੇ ਹਨ ਅਜਿਹੇ ਵਿੱਚ ਐਨਡੀਪੀ ਦਾ ਕਹਿਣਾ ਹੈ ਕਿ ਜੇ ਅਜਿਹਾ ਹੁੰਦਾ ਤਾਂ ਫਾਰਮਾਕੇਅਰ ਲਈ ਵੀ ਇਸ ਬਜਟ ਵਿੱਚ ਕੋਈ ਰਕਮ ਰਾਖਵੀਂ ਰੱਖੀ ਗਈ ਹੁੰਦੀ। ਇਸ ਦੌਰਾਨ ਬੁੱਧਵਾਰ ਨੂੰ ਇਸ ਮੁੱਦੇ ਉੱਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਆਖਿਆ ਕਿ ਕੈਨੇਡੀਅਨਜ਼ ਲਈ ਉਨ੍ਹਾਂ ਦੀ ਸਰਕਾਰ ਦਵਾਈਆਂ ਦੀਆਂ ਕੀਮਤਾਂ ਵਿੱਚ ਕਮੀ ਲਿਆ ਕੇ ਹੀ ਸਾਹ ਲਵੇਗੀ।

## ਕੁੱਝ ਖਾਸ ਹਾਲਾਤ ਵਿੱਚ ਨੌਨ ਕੈਨੇਡੀਅਨਜ਼ ਵੀ ਹੁਣ ਕੈਨੇਡਾ ਵਿੱਚ ਖਰੀਦ ਸਕਣਗੇ ਰਿਹਾਇਸ਼ੀ ਪ੍ਰਾਪਰਟੀ

ਓਟਵਾ, 29 ਮਾਰਚ (ਪੋਸਟ ਬਿਊਰੋ) : ਕੈਨੇਡਾ ਵਿੱਚ ਘਰਾਂ ਦੇ ਵਿਦੇਸ਼ੀ ਖਰੀਦਦਾਰਾਂ ਉੱਤੇ ਪਹਿਲੀ ਜਨਵਰੀ ਤੋਂ ਲੱਗੀ ਰੋਕ ਦੇ ਕੁੱਝ ਚਿਰ ਮਗਰੋਂ ਹੀ ਕੈਨੇਡਾ ਮਾਰਗੇਜ ਐਂਡ ਹਾਊਸਿੰਗ ਕਾਰਪੋਰੇਸ਼ਨ (ਸੀਐਮਐਚਸੀ) ਵੱਲੋਂ ਇਸ ਕਾਨੂੰਨ ਵਿੱਚ ਕਈ ਸੋਧਾਂ ਕੀਤੀਆਂ ਗਈਆਂ ਹਨ। ਇਸ ਵਿੱਚ ਕੀਤੀ ਗਈ ਅਹਿਮ ਸੋਧ ਮੁਤਾਬਕ ਕੁੱਝ ਖਾਸ ਹਾਲਾਤ ਵਿੱਚ ਨੌਨ ਕੈਨੇਡੀਅਨਜ਼ ਵੀ ਹੁਣ ਕੈਨੇਡਾ ਵਿੱਚ ਰਿਹਾਇਸ਼ੀ ਪ੍ਰਾਪਰਟੀ ਖਰੀਦ ਸਕਣਗੇ।



27 ਮਾਰਚ ਨੂੰ ਮਨਿਸਟਰ ਆਫ ਹਾਊਸਿੰਗ ਐਂਡ ਡਾਇਵਰਸਿਟੀ ਐਂਡ ਇਨਕਲੂਜ਼ਨ ਅਹਿਮਦ ਹੁਸੈਨ ਵੱਲੋਂ ਕੀਤੇ ਗਏ ਐਲਾਨ ਅਨੁਸਾਰ ਕੈਨੇਡਾ ਦੇ ਪ੍ਰੋਹਿਬਸ਼ਨ ਆਨ ਦ ਪਰਚੇਜ਼ ਆਫ ਰੈਜ਼ੀਡੈਂਸ਼ੀਅਲ ਪ੍ਰਾਪਰਟੀ ਬਾਇ ਨੌਨ ਕੈਨੇਡੀਅਨਜ਼ ਐਕਟ ਵਿੱਚ ਕੀਤੀਆਂ ਗਈਆਂ ਤਬਦੀਲੀਆਂ ਵਿੱਚ ਸੱਭ ਤੋਂ ਵੱਧ ਫਾਇਦਾ ਵਰਕ ਪਰਮਿਟ ਹੋਲਡਰਜ਼, ਵਿਦੇਸ਼ੀਆਂ ਦੀ ਅੰਸ਼ਕ ਮਲਕੀਅਤ ਵਾਲੀ ਪਬਲਿਕ ਤੇ ਪ੍ਰਾਈਵੇਟ ਕਾਰਪੋਰੇਸ਼ਨਜ਼ ਨੂੰ ਹੋਵੇਗਾ।

ਸੀਐਮਐਚਸੀ ਵੱਲੋਂ ਜਾਰੀ ਕੀਤੀ ਗਈ ਪ੍ਰੈੱਸ ਰਲੀਜ਼ ਵਿੱਚ ਆਖਿਆ ਗਿਆ ਕਿ ਇਨ੍ਹਾਂ ਸੋਧਾਂ ਤੋਂ ਬਾਅਦ ਨਿਊਕਮਰਜ਼ ਨੂੰ ਕੈਨੇਡਾ ਵਿੱਚ ਆਪਣੀਆਂ ਜੜ੍ਹਾਂ ਮਜ਼ਬੂਤ ਕਰਨ ਲਈ ਘਰ ਖਰੀਦਣ ਦਾ ਹੱਕ ਹੋਵੇਗਾ ਤੇ ਕਾਰੋਬਾਰੀ, ਜਿਹੜੇ ਰੋਜ਼ਗਾਰ ਦੇ ਮੌਕੇ ਪੈਦਾ ਕਰ ਸਕਣਗੇ ਤੇ ਘਰਾਂ ਦਾ ਨਿਰਮਾਣ ਕਰ ਸਕਣਗੇ ਉਨ੍ਹਾਂ ਨੂੰ ਵੀ ਫਾਇਦਾ ਹੋਵੇਗਾ।

## ਘਰ ਵਿੱਚ ਲੱਗੀ ਅੱਗ ਕਾਰਨ 60 ਸਾਲਾ ਵਿਅਕਤੀ ਦੀ ਹੋਈ ਮੌਤ

ਟੋਰਾਂਟੋ, 29 ਮਾਰਚ (ਪੋਸਟ ਬਿਊਰੋ) : ਟੋਰਾਂਟੋ ਦੇ ਜੰਕਸ਼ਨ ਟ੍ਰਾਇਐਂਗਲ ਇਲਾਕੇ ਵਿੱਚ ਇੱਕ ਘਰ ਵਿੱਚ ਲੱਗੀ ਅੱਗ ਤੋਂ ਬਾਅਦ ਇੱਕ 60 ਸਾਲਾ ਵਿਅਕਤੀ ਦੀ ਮੌਤ ਹੋ ਗਈ। ਟੋਰਾਂਟੋ ਪੁਲਿਸ ਨੂੰ ਬੁੱਧਵਾਰ ਰਾਤੀਂ 12:30 ਵਜੇ ਡੁਪੌਂਟ ਸਟਰੀਟ ਤੇ ਐਡਵਿਨ ਐਵਨਿਊ ਇਲਾਕੇ ਵਿੱਚ ਦੋ ਮੰਜ਼ਿਲਾ ਇਮਾਰਤ ਵਿੱਚ ਅੱਗ ਲੱਗਣ ਦੀਆਂ ਖਬਰਾਂ ਮਿਲੀਆਂ। ਸੱਭ ਤੋਂ ਪਹਿਲਾਂ ਮੌਕੇ ਉੱਤੇ ਪਹੁੰਚਣ ਵਾਲਿਆਂ ਨੂੰ ਇੱਕ



ਪੁਰਸ਼ ਇਸ ਘਰ ਵਿੱਚ ਜ਼ਖ਼ਮੀ ਹਾਲਤ ਵਿੱਚ ਮਿਲਿਆ। ਉਸ ਵਿਅਕਤੀ ਨੂੰ ਬਿਨਾਂ ਕਿਸੇ ਸਾਹ ਸਤ ਦੇ ਨਾਜ਼ੁਕ ਹਾਲਤ ਵਿੱਚ ਟਰੌਮਾ ਸੈਂਟਰ ਲਿਜਾਇਆ ਗਿਆ। ਬਾਅਦ ਵਿੱਚ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ।

ਟੋਰਾਂਟੋ ਫਾਇਰ ਚੀਫ ਮੈਥਿਊ ਪੈੱਗ ਨੇ ਬੁੱਧਵਾਰ ਰਾਤ ਨੂੰ ਆਖਿਆ ਕਿ ਦੋ ਹੋਰ ਰੈਜ਼ੀਡੈਂਟਸ ਨੂੰ ਅੱਗ ਕਾਰਨ ਘਰ ਤੋਂ ਬਾਹਰ ਕੱਢਿਆ ਗਿਆ। ਅਜੇ ਤੱਕ ਇਹ ਸਪਸ਼ਟ ਨਹੀਂ ਹੋ ਸਕਿਆ ਹੈ ਕਿ ਕੀ ਉਨ੍ਹਾਂ ਨੂੰ ਕਿਸੇ ਤਰ੍ਹਾਂ ਦੀ ਸੱਟ-ਫੇਟ ਤਾਂ ਨਹੀਂ ਲੱਗੀ।

ਪੈੱਗ ਨੇ ਆਖਿਆ ਕਿ ਅਜੇ ਤੱਕ ਇਹ ਪਤਾ ਨਹੀ਼ ਲੱਗ ਸਕਿਆ ਹੈ ਕਿ ਅੱਗ ਲੱਗਣ ਦਾ ਕਾਰਨ ਕੀ ਹੈ। ਉਨ੍ਹਾਂ ਦੱਸਿਆ ਕਿ ਜਿਸ ਇਮਾਰਤ ਵਿੱਚ ਅੱਗ ਲੱਗੀ ਉਸ ਦੀ ਦੂਜੀ ਮੰਜ਼ਿਲ ਨੂੰ ਕਾਫੀ ਨੁਕਸਾਨ ਪਹੁੰਚਿਆ। ਬਿਲਡਿੰਗ ਵਿੱਚ ਸਮੋਕ ਅਲਾਰਮ ਵੀ ਕਿਤੇ ਨਜ਼ਰ ਨਹੀਂ ਆਏ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI 416.994.7272
www.allkindinsurance.com

ਨੈਨੀ ਦੀ ਲੋੜ
ਬਰੈਂਪਟਨ ਵਿਚ ਘਰ ਦਾ ਕੰਮ ਕਰਨ ਲਈ ਨੈਨੀ ਦੀ ਲੋੜ ਹੈ।
ਸੰਪਰਕ ਕਰੋ: 416-556-6884

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
416-724-5000

GURBIR CHAHAL
Sales Representative
416.566.7605
gurbir.chahal@yahoo.com
ROYAL LePAGE Flower City Realty Off: 905.230.3100

ON TIME HEATING COOLING & REFRIGERATION
ac - furnance - heat pump - boilers - gasline - walk in cooler - water heater
Fully licensed team and govt. rebate upto $8,000
SAURAVDEEP SINGH: 226-332-4040

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

OURR HOME & APPLIANCES
Spring SALE with fresh deals
Colour options available
$1699*
$299 Upgrade to steam wash
$299
Upgrade to $399
$2999*
$4499*
KitchenAid moffat MAYTAG LG SAMSUNG Electrolux JENNAIR BOSCH Whirlpool
5781 Highway 7 Unit 10 Vaughan, ON L4L 1T8 (416) 477-5556 | 44 Fasken Dr, #2-9 Etobicoke, ON M9W 5M8 (416) 792-0877 | Unit #1, 241 Clarence St Brampton, On L6W 3E7 (416) 551-3343 | Unit #4 -1540 Fanshawe Park Road West London, On N6H 5L8 (519) 641-1010 | Unit #6 - 410 Lewis Road Stoney Creek, On L8E 5Y7 (905) 643-0818 | 1050 Speers Road Oakville, On L6L 2X4 (416) 613-0555
416-551-5553
WWW.OURRHOMEAPPLIANCES.COM

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat, Broker
Aaxel InsuranceBrokers Ltd.
1332 Khalsa Dr, Unit # 11, Mississauga, ON L5S 0A2

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
Canadian National Forklift Safety Group
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਉਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500
ਬਲਵਿੰਦਰ

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Brokerage Lic.12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਭਾਰਤੀ ਮੂਲ ਦੇ ਡੇਨੀਅਲ ਮੁਖੀ ਬਣੇ ਐਨਐਸਡਬਲਿਊ ਦੇ ਖਜ਼ਾਨਚੀ, ਭਗਵਤ ਗੀਤਾ ਦੀ ਸਹੁੰ ਚੁੱਕ ਕੇ ਰਚਿਆ ਇਤਿਹਾਸ



ਮੈਲਬਰਨ, 29 ਮਾਰਚ (ਪੋਸਟ ਬਿਊਰੋ): ਭਾਰਤੀ ਮੂਲ ਦੇ ਡੇਨੀਅਲ ਮੁਖੀ ਆਸਟ੍ਰੇਲੀਆ ਦੇ ਕਿਸੇ ਵੀ ਸੂਬੇ ਦੇ ਖਜ਼ਾਨਚੀ ਬਣਨ ਵਾਲੇ ਪਹਿਲੇ ਸਿਆਸਤਦਾਨ ਬਣ ਗਏ ਹਨ। ਉਨ੍ਹਾਂ ਨੇ ਮੰਗਲਵਾਰ ਨੂੰ ਆਸਟ੍ਰੇਲੀਆ ਦੇ ਨਿਊ ਸਾਊਥ ਵੇਲਜ਼ ਸੂਬੇ ਦੇ ਖਜ਼ਾਨਚੀ ਵਜੋਂ ਸਹੁੰ ਚੁੱਕੀ। ਉਨ੍ਹਾਂ ਨੇ ਪਵਿੱਤਰ ਸ਼੍ਰੀਮਦ ਭਗਵਦ ਗੀਤਾ ਦੀ ਸਹੁੰ ਚੁੱਕ ਕੇ ਅਹੁਦਾ ਸੰਭਾਲਿਆ।

ਡੇਨੀਅਲ ਮੁਖੀ ਨੇ ਨਿਊ ਸਾਊਥ ਵੇਲਜ਼ ਦੇ ਪ੍ਰੀਮੀਅਰ ਕ੍ਰਿਸ ਮਿਨ ਅਤੇ ਛੇ ਹੋਰ ਮੰਤਰੀਆਂ ਦੇ ਨਾਲ ਸਹੁੰ ਚੁੱਕੀ। ਭਾਰਤੀ ਮੂਲ ਦੇ ਡੇਨੀਅਲਜ਼ ਨੇ ਅਹੁਦਾ ਸੰਭਾਲਣ ਤੋਂ ਬਾਅਦ ਆਪਣੇ ਬਿਆਨ ਵਿੱਚ ਕਿਹਾ ਕਿ ਉਨ੍ਹਾਂ ਨੇ ਮਹਾਨ ਰਾਜ ਨਿਊ ਸਾਊਥ ਵੇਲਜ਼ ਦੇ ਖਜ਼ਾਨਚੀ ਵਜੋਂ ਸਹੁੰ ਚੁੱਕੀ। ਇਸ ਦੌਰਾਨ ਉਨ੍ਹਾਂ ਨੇ ਰਾਜ ਦੇ ਲੋਕਾਂ ਦਾ ਧੰਨਵਾਦ ਵੀ ਕੀਤਾ। ਉਨ੍ਹਾਂ ਨੇ ਆਪਣੇ ਬਿਆਨ 'ਚ ਅੱਗੇ ਕਿਹਾ ਕਿ ਮੈਂ ਭਗਵਦ ਗੀਤਾ ਦੀ ਸਹੁੰ ਚੁੱਕ ਕੇ ਆਹੁਦਾ ਸੰਭਾਲਣ ਵਾਲਾ ਪਹਿਲਾ ਆਸਟ੍ਰੇਲੀਆਈ ਮੰਤਰੀ ਹਾਂ। ਇਹ ਸਿਰਫ ਇਸ ਲਈ ਸੰਭਵ ਹੈ ਕਿਉਂਕਿ ਆਸਟ੍ਰੇਲੀਆ ਇੱਕ ਖੁੱਲੇ ਵਿਚਾਰਾਂ ਵਾਲਾ ਦੇਸ਼ ਹੈ ਅਤੇ ਮੇਰੇ ਮਾਤਾ-ਪਿਤਾ ਵਰਗੇ ਲੋਕਾਂ ਦੇ ਯੋਗਦਾਨ ਦਾ ਸੁਆਗਤ ਕਰਦਾ ਹੈ। ਸਾਲ 2015 ਵਿੱਚ, ਮੁਖੀ ਨੂੰ ਲੇਬਰ ਪਾਰਟੀ ਦੁਆਰਾ ਨਿਊ ਸਾਊਥ ਵੇਲਜ਼ ਦੇ ਉਪਰਲੇ ਸਦਨ ਲਈ ਚੁਣਿਆ ਗਿਆ ਸੀ। ਮੁਖੀ ਨਿਊ ਸਾਊਥ ਵੇਲਜ਼ ਵਿੱਚ ਭਾਰਤੀ ਪਿਛੋਕੜ ਵਾਲੇ ਪਹਿਲੇ ਆਗੂ ਹਨ। ਉਹ ਭਗਵਦ ਗੀਤਾ 'ਤੇ ਅਹੁਦੇ ਦੀ ਵਫ਼ਾਦਾਰੀ ਦੀ ਸਹੁੰ ਚੁੱਕਣ ਵਾਲੇ ਆਸਟ੍ਰੇਲੀਆ ਦੇ ਪਹਿਲੇ ਵਿਅਕਤੀ ਵੀ ਹਨ। ਉਨ੍ਹਾਂ ਨੂੰ 2019 ਵਿੱਚ ਵਿੱਤ ਅਤੇ ਛੋਟੇ ਕਾਰੋਬਾਰ ਲਈ ਸ਼ੈਡੋ ਮੰਤਰੀ ਅਤੇ ਗਿਗ ਆਰਥਿਕਤਾ ਲਈ ਸ਼ੈਡੋ ਮੰਤਰੀ ਵੀ ਬਣਾਇਆ ਗਿਆ ਸੀ।

# 'ਪੁਤਿਨ ਨੇ ਜੰਗ ਵਿੱਚ ਸਭ ਕੁਝ ਗੁਆਇਆ, ਹੁਣ ਰੂਸ ਨਹੀਂ ਕਰ ਸਕਦਾ ਪ੍ਰਮਾਣੂ ਹਮਲਾ' : ਜ਼ੈਲੇਂਸਕੀ



ਕੀਵ, 29 ਮਾਰਚ (ਪੋਸਟ ਬਿਊਰੋ): ਯੂਕਰੇਨ ਦੇ ਰਾਸ਼ਟਰਪਤੀ ਜ਼ੇਲੇਂਸਕੀ ਨੇ ਕਿਹਾ ਕਿ ਯੁੱਧ ਤੋਂ ਬਾਅਦ ਪੁਤਿਨ ਬਹੁਤ ਅਲੱਗ-ਥਲੱਗ ਹੋ ਗਏ ਹਨ। ਕੋਈ ਵੀ ਉਨ੍ਹਾਂ ਦਾ ਸਾਥ ਨਹੀਂ ਦੇ ਰਿਹਾ। ਪੁਤਿਨ ਪਿਛਲੇ ਸਾਲ ਜੰਗ ਵਿੱਚ ਸਭ ਕੁਝ ਗੁਆ ਚੁੱਕੇ ਹਨ। ਉਨ੍ਹਾਂ ਕਿਹਾ ਕਿ ਪੁਤਿਨ ਦਾ ਹੁਣ ਕੋਈ ਸਹਿਯੋਗੀ ਵੀ ਨਹੀਂ ਹੈ। ਸ਼ੀ ਜਿਨਪਿੰਗ ਦੇ ਦੌਰੇ ਤੋਂ ਬਾਅਦ ਹੁਣ ਇਹ ਸਪੱਸ਼ਟ ਹੋ ਗਿਆ ਹੈ ਕਿ ਉਹ ਵੀ ਹੁਣ ਰੂਸ ਦੇ ਨਾਲ ਨਹੀਂ ਹਨ।

ਯੂਕਰੇਨ ਦੇ ਰਾਸ਼ਟਰਪਤੀ ਦਾ ਕਹਿਣਾ ਹੈ ਕਿ ਪੁਤਿਨ ਦੇ ਪ੍ਰਮਾਣੂ ਭੜਕਾਹਟ 'ਤੇ ਵਿਸ਼ਵਾਸ ਨਹੀਂ ਕਰ ਸਕਦੇ ਜੇਕਰ ਕੋਈ ਵਿਅਕਤੀ ਆਪਣੇ ਆਪ ਨੂੰ ਬਚਾਉਣਾ ਚਾਹੁੰਦਾ ਹੈ, ਤਾਂ ਉਹ ਅਜਿਹਾ ਨਹੀਂ ਕਰੇਗਾ। ਜ਼ੇਲੇਂਸਕੀ ਨੇ ਕਿਹਾ ਕਿ ਮੈਂ ਪੱਛਮੀ ਦੇਸ਼ਾਂ ਦੀ ਮਦਦ ਦਾ ਸੁਆਗਤ ਕਰਦਾ ਹਾਂ। ਉਨ੍ਹਾਂ ਨੇ ਸਾਨੂੰ ਅਰਬਾਂ ਡਾਲਰ ਦਾ ਗੋਲਾ-ਬਾਰੂਦ ਅਤੇ ਹਥਿਆਰ ਦਿੱਤੇ ਹਨ, ਪਰ ਵਾਅਦਾ ਕੀਤੇ ਗਏ ਹਥਿਆਰਾਂ ਵਿੱਚੋਂ ਕੁਝ ਅਜੇ ਮਿਲਣੇ ਬਾਕੀ ਹਨ। ਸਾਡੇ ਕੋਲ ਦੇਸ਼ ਭਗਤਾਂ ਲਈ ਬਹੁਤ ਸਾਰੇ ਚੰਗੇ ਫੈਸਲੇ ਹਨ, ਪਰ ਸਾਡੇ ਕੋਲ ਅਸਲ ਵਿੱਚ ਉਹ ਨਹੀਂ ਹਨ। ਜ਼ੈਲੇਂਸਕੀ ਨੇ ਕਿਹਾ ਕਿ ਅਸੀਂ ਪੂਰੀ ਦੁਨੀਆ 'ਚ ਸਭ ਤੋਂ ਜ਼ਿਆਦਾ ਮਿਜ਼ਾਈਲ ਹਮਲੇ ਝੱਲੇ ਹਨ, ਜਿਸ ਕਾਰਨ ਸਾਨੂੰ ਇਸ ਸਮੇਂ ਹਥਿਆਰਾਂ ਦੀ ਸਭ ਤੋਂ ਜ਼ਿਆਦਾ ਜ਼ਰੂਰਤ ਹੈ। ਰਾਸ਼ਟਰਪਤੀ ਨੇ ਕਿਹਾ ਕਿ ਪੁਤਿਨ ਦੇ ਸਮਰਥਕਾਂ ਨੂੰ ਇਹ ਸਮਝਣਾ ਹੋਵੇਗਾ ਕਿ ਉਹ ਆਪਣਾ ਸਾਰਾ ਪੈਸਾ ਗੁਆ ਦੇਣਗੇ। ਰੂਸ ਵੀ ਪੂਰੀ ਦੁਨੀਆ ਵਿਚ ਫੈਲੀਆਂ ਆਪਣੀਆਂ ਜਾਇਦਾਦਾਂ ਨੂੰ ਗੁਆ ਦੇਵੇਗਾ।

# ਯੌਰਕ ਯੂਨੀਵਰਸਿਟੀ ਵਿੱਚ ਛੁਰੇਬਾਜ਼ੀ ਕਾਰਨ ਇੱਕ ਵਿਅਕਤੀ ਗੰਭੀਰ ਜ਼ਖ਼ਮੀ



ਟੋਰਾਂਟੋ, 29 ਮਾਰਚ (ਪੋਸਟ ਬਿਊਰੋ) : ਯੌਰਕ ਯੂਨੀਵਰਸਿਟੀ ਵਿੱਚ ਇੱਕ ਵਿਅਕਤੀ ਨੂੰ ਚਾਕੂ ਮਾਰੇ ਜਾਣ ਕਾਰਨ ਉਹ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।

ਪੁਲਿਸ ਨੇ ਦੱਸਿਆ ਕਿ ਇੱਕ ਵੱਡੇ ਗਰੁੱਪ ਵਿੱਚ ਲੜਾਈ ਹੋਣ ਦੀ ਖਬਰ ਦੇ ਕੇ ਉਨ੍ਹਾਂ ਨੂੰ ਰਾਤੀਂ 7:00 ਵਜੇ ਦੇ ਨੇੜੇ ਤੇੜੇ 4700 ਕੀਲ ਸਟਰੀਟ ਸਥਿਤ ਯੌਰਕ ਯੂਨੀਵਰਸਿਟੀ ਕੀਲ ਕੈਂਪਸ ਵਿੱਚ ਯੌਰਕ ਲੇਨਜ਼ ਮਾਲ ਵਿੱਚ ਸੱਦਿਆ ਗਿਆ।ਮੌਕੇ ਉੱਤੇ ਪਹੁੰਚੀ ਪੁਲਿਸ ਨੂੰ ਇੱਕ ਵਿਅਕਤੀ ਛੁਰੇਬਾਜ਼ੀ ਕਾਰਨ ਗੰਭੀਰ ਜ਼ਖ਼ਮੀ ਹਾਲਤ ਵਿੱਚ ਮਿਲਿਆ। ਉਸ ਨੂੰ ਨਾਜ਼ੁਕ ਹਾਲਤ ਵਿੱਚ ਪੈਰਾਮੈਡਿਕਸ ਵੱਲੋਂ ਨੇੜਲੇ ਹਸਪਤਾਲ ਲਿਜਾਇਆ ਗਿਆ।

ਪੁਲਿਸ ਨੇ ਦੱਸਿਆ ਕਿ ਮਸ਼ਕੂਕ ਮੌਕੇ ਤੋਂ ਫਰਾਰ ਹੋ ਗਏ। ਮਸ਼ਕੂਕਾਂ ਬਾਰੇ ਪੁਲਿਸ ਵੱਲੋਂ ਅਜੇ ਕੋਈ ਵੇਰਵੇ ਜਾਰੀ ਨਹੀਂ ਕੀਤੇ ਗਏ ਹਨ। ਯੂਨੀਵਰਸਿਟੀ ਦੇ ਵਿਦਿਆਰਥੀਆਂ ਨੂੰ ਭੇਜੇ ਗਏ ਈ-ਮੇਲ ਐਲਰਟ ਵਿੱਚ ਆਖਿਆ ਗਿਆ ਕਿ ਇਸ ਲੜਾਈ ਵਿੱਚ ਇੱਕ ਵਿਦਿਆਰਥੀ ਤੇ ਕਈ ਕਮਿਊਨਿਟੀ ਤੋਂ ਬਾਹਰ ਦੇ ਲੋਕ ਸ਼ਾਮਲ ਸਨ। ਐਲਰਟ ਵਿੱਚ ਆਖਿਆ ਗਿਆ ਕਿ ਮਸ਼ਕੂਕਾਂ ਨੇ ਚਾਕੂ ਹਵਾ ਵਿੱਚ ਲਹਿਰਾਇਆ ਤੇ ਇੱਕ ਰਾਹਗੀਰ ਨੂੰ ਚਾਕੂ ਮਾਰ ਕੇ ਜ਼ਖ਼ਮੀ ਕਰ ਦਿੱਤਾ, ਉਸ ਨੂੰ ਹਸਪਤਾਲ ਲਿਜਾਇਆ ਗਿਆ। ਟੋਰਾਂਟੋ ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਅੱਜ ਨਾਮਾ

ਵਧਦਾ ਸੰਕਟ ਪੰਜਾਬ ਵਿੱਚ ਹੋਰ ਲੱਗਦਾ,
ਦਿੱਸਦਾ ਕੋਈ ਨਹੀਂ ਹੱਲ ਦਾ ਰਾਹ ਬੇਲੀ।
ਲੱਗੀਏ ਪੁੱਛਣ ਹਾਲਾਤ ਦੀ ਸਾਰ ਜਿਸ ਨੂੰ,
ਖਿਲਾਰ ਕੇ ਬਹਿ ਜਾਂਦਾ ਡਾਢਾ ਗਾਹ ਬੇਲੀ।
ਫਿਰ ਉਹ ਪੁੱਛੇ ਤੋਂ ਬਿਨਾਂ ਹੈ ਦੇਣ ਲੱਗਦਾ,
ਪੰਜਾਬ ਜਾਂ ਕੇਂਦਰ ਦੇ ਲਈ ਸਲਾਹ ਬੇਲੀ।
ਏਦਾਂ ਦਿੱਸੇ ਜਿਉਂ ਕੋਈ ਨਾ ਬਿਨਾਂ ਉਹਦੇ,
ਸਮਾਜ ਤੇ ਰਾਜ ਲਈ ਖੈਰ-ਖਵਾਹ ਬੇਲੀ।
ਸੌਖੜਾ ਹੁੰਦਾ ਕੋਈ ਏਨਾ ਹੀਰਾਹ ਭਾਲਣ,
ਵੱਡਿਆਂ ਸਿਰਾਂ ਦੀ ਕਾਹਨੂੰ ਸੀ ਲੋੜ ਬੇਲੀ।
ਸ਼ਾਰਟ ਕੱਟ ਨਾ ਅਮਲ ਵਿੱਚ ਕਦੇ ਚੱਲਣ,
ਜ਼ਿੰਦਗੀ ਕੱਟ ਜਾਏ ਤਿੱਖੇ ਜਦ ਮੋੜ ਬੇਲੀ।

**ਤੀਸ ਮਾਰ ਖਾਂ**

# ਨਿਰਧਾਰਿਤ ਸਮੇਂ ਤੋਂ ਪਹਿਲਾਂ ਉਡੀ ਏਅਰ ਇੰਡੀਆ ਦੀ ਫਲਾਈਟ, 15 ਯਾਤਰੀ ਨਹੀਂ ਹੋ ਸਕੇ ਸਵਾਰ



ਵਿਜੇਵਾੜਾ, 29 ਮਾਰਚ (ਪੋਸਟ ਬਿਊਰੋ): ਵਿਜੇਵਾੜਾ ਤੋਂ ਕੁਵੈਤ ਜਾਣ ਵਾਲੀ ਏਅਰ ਇੰਡੀਆ ਐਕਸਪ੍ਰੈਸ ਦੀ ਉਡਾਣ ਵਿੱਚ 15 ਤੋਂ ਵੱਧ ਯਾਤਰੀ ਸਵਾਰ ਨਹੀਂ ਹੋ ਸਕੇ। ਕਿਉਂਕਿ ਉਡਾਣ ਬੁੱਧਵਾਰ ਸਵੇਰੇ 9 ਵਜੇ ਦੇ ਕਰੀਬ ਪਹਿਲਾਂ ਤੋਂ ਨਿਰਧਾਰਿਤ ਕੀਤੀ ਗਈ ਸੀ। ਪਹਿਲੀ ਫਲਾਈਟ 4 ਘੰਟੇ ਬਾਅਦ ਰਵਾਨਾ ਹੋਣੀ ਸੀ। ਅਧਿਕਾਰੀਆਂ ਦਾ ਕਹਿਣਾ ਹੈ ਕਿ ਇਹ ਜਾਣਕਾਰੀ ਯਾਤਰੀਆਂ ਨੂੰ ਦਿੱਤੀ ਗਈ ਸੀ। ਹਾਲਾਂਕਿ, ਯਾਤਰੀਆਂ ਨੇ ਦਾਅਵਾ ਕੀਤਾ ਕਿ ਉਨ੍ਹਾਂ ਨੂੰ ਇਸਦੀ ਸੂਚਨਾ ਨਹੀਂ ਦਿੱਤੀ ਗਈ ਸੀ। ਜਿਨ੍ਹਾਂ ਨੇ ਏਜੰਟਾਂ ਰਾਹੀਂ ਟਿਕਟਾਂ ਬੁੱਕ ਕਰਵਾਈਆਂ ਸਨ, ਉਨ੍ਹਾਂ ਨੂੰ ਏਜੰਟਾਂ ਵੱਲੋਂ ਮੁੜ ਸਮਾਂ-ਸਾਰਣੀ ਬਾਰੇ ਸੂਚਿਤ ਨਹੀਂ ਕੀਤਾ ਗਿਆ। ਗੰਨਾਵਰਮ ਹਵਾਈ ਅੱਡੇ ਦੇ ਡਾਇਰੈਕਟਰ ਲਕਸ਼ਮੀਕਾਂਤ ਰੈੱਡੀ ਨੇ ਕਿਹਾ ਕਿ ਉਨ੍ਹਾਂ ਯਾਤਰੀਆਂ ਨੂੰ ਕੁਵੈਤ ਲਈ ਫਲਾਈਟ ਲਈ ਅਗਲੇ ਹਫਤੇ ਤੱਕ ਇੰਤਜ਼ਾਰ ਕਰਨਾ ਹੋਵੇਗਾ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜ਼ੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜ਼ੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
→ Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
→ Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਸਪੀਕਰ ਸੰਧਵਾਂ ਨੇ ਸਕੂਲਾਂ ਵਿਖੇ ਮੁੱਢਲੀਆਂ ਸਹੂਲਤਾਂ ਲਈ ਦਿੱਤੇ ਲੱਖਾਂ ਰੁਪਏ ਦੀ ਚੈੱਕ

## ਪਹਿਲਾਂ ਦਿੱਤੀ ਗਈ ਰਾਸ਼ੀ ਨਾਲ ਬਣੇ ਸਕੂਲ ਦੇ ਕਮਰਿਆਂ ਦੇ ਵੀ ਕੀਤੇ ਉਦਘਾਟਨ





ਫਰੀਦਕੋਟ 29 ਮਾਰਚ (ਗਿਆਨ ਸਿੰਘ): ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸਰਕਾਰੀ ਸਕੂਲਾਂ ਦਾ ਦੌਰਾ ਕਰਕੇ ਕਮਰਿਆਂ ਦੇ ਉਦਘਾਟਨ ਕੀਤੇ ਅਤੇ ਜਰੂਰਤਮੰਦ ਅਤੇ ਹੁਸ਼ਿਆਰ ਬੱਚਿਆਂ ਦੀ ਪੜ੍ਹਾਈ ਲਈ ਚੈੱਕ ਵੀ ਵਿਦਿਆਰਥੀਆਂ ਨੂੰ ਦਿੱਤੇ ।

ਇਸ ਮੌਕੇ ਵੱਖ ਵੱਖ ਸਮਾਗਮਾਂ ਦੌਰਾਨ ਉਨ੍ਹਾਂ ਨੇ ਕਿਹਾ ਕਿ ਸਰਕਾਰੀ ਸਕੂਲਾਂ ਦੇ ਵਿੱਚ ਮੁੱਢਲੀਆਂ ਸਹੂਲਤਾਂ ਮੁਹੱਈਆ ਕਰਵਾਉਣ ਦੇ ਲਈ ਪੰਜਾਬ ਸਰਕਾਰ ਵੱਲੋਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਨ੍ਹਾਂ ਸਕੂਲਾਂ ਦੇ ਵਿੱਚ ਸਕੂਲ ਦੇ ਕਮਰਿਆਂ ਤੋਂ ਲੈ ਕੇ ਸਿੱਖਿਆ ਸਬੰਧੀ ਹਰ ਤਰ੍ਹਾਂ ਦੇ ਪ੍ਰਬੰਧ ਕੀਤੇ ਜਾ ਰਹੇ ਹਨ, ਤਾਂ ਜੋ ਵਿਦਿਆਰਥੀਆਂ ਨੂੰ ਪੜ੍ਹਾਈ ਸਬੰਧੀ ਕਿਸੇ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਇਸ ਦੌਰਾਨ ਉਨ੍ਹਾਂ ਨੇ ਸਰਕਾਰੀ ਪ੍ਰਾਇਮਰੀ ਸਕੂਲ ਸ੍ਰੀ ਗੁਰੂ ਤੇਗ ਬਹਾਦਰ ਨਗਰ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਲੜਕੀਆਂ ਪਿੰਡ ਲਾਲੇਆਣਾ ਵਿਖੇ ਬਣੇ ਨਵੇਂ ਕਮਰਿਆਂ ਦੇ ਉਦਘਾਟਨ ਕੀਤਾ। ਇਸ ਉਪਰੰਤ ਉਨ੍ਹਾਂ ਨੇ ਸਰਕਾਰੀ ਮਿਡਲ ਸਕੂਲ ਪੁਰਾਣਾ ਕਿਲ੍ਹਾ ਕੋਟਕਪੂਰਾ ਵਿਖੇ 2 ਲੱਖ ਰੁਪਏ ਦੀ ਰਾਸ਼ੀ ਦਾ ਚੈੱਕ ਸਕੂਲ ਦੇ ਵਿੱਚ ਮੁੱਢਲੀਆਂ ਸਹੂਲਤਾਂ ਮੁਹੱਈਆ ਕਰਵਾਉਣ ਦੇ ਲਈ ਵੀ ਦਿੱਤਾ। ਉਨ੍ਹਾਂ ਨੇ ਗੁਰੂਦੁਆਰਾ ਵਿਸ਼ਵਕਰਮਾ ਰਾਮਗੜ੍ਹੀਆ ਸਭਾ ਫਰੀਦਕੋਟ ਵਿਖੇ ਨਿਸ਼ਕਾਮ ਸਿੱਖ ਵੈੱਲਫੇਅਰ ਕੌਂਸਿਲ ਨਵੀਂ ਦਿੱਲੀ ਵੱਲੋਂ ਮੁਹੱਈਆ ਕਰਵਾਏ ਗਏ ਜਰੂਰਤਮੰਦ ਅਤੇ ਹੁਸ਼ਿਆਰ ਬੱਚਿਆਂ ਦੀ ਪੜ੍ਹਾਈ ਲਈ 3 ਲੱਖ 15 ਹਜ਼ਾਰ ਦੇ ਚੈੱਕ 13 ਬੱਚਿਆਂ ਨੂੰ ਦਿੱਤੇ।

ਇਸ ਮੌਕੇ ਜਿਲ੍ਹਾ ਸਿੱਖਿਆ ਅਫਸਰ ਸ੍ਰੀਮਤੀ ਨੀਲਮ ਰਾਣੀ ਅਤੇ ਉਪ ਜਿਲ੍ਹਾ ਸਿੱਖਿਆ ਅਫਸਰ ਸਪਵਨ ਕੁਮਾਰ, ਬੀ.ਡੀ.ਪੀ.ਓ ਅਭਿਨਵ ਗੋਇਲ, ਪੀ.ਆਰ.ਓ ਟੂ ਸਪੀਕਰ ਮਨਪ੍ਰੀਤ ਸਿੰਘ ਧਾਲੀਵਾਲ, ਗੁਰਪ੍ਰੀਤ ਸਿੰਘ ਚੰਦਬਾਜਾ ਪ੍ਰਧਾਨ ਭਾਈ ਘਨੱਈਆ ਕੈਂਸਰ ਰੋਕੋ ਸੇਵਾ ਸੁਸਾਇਟੀ, ਬਹਾਦਰ ਸਿੰਘ, ਸੁਖਮੰਦਰ ਸਿੰਘ, ਦਰਸ਼ਨ ਸਿੰਘ, ਮਨਦੀਪ ਸਿੰਘ ਮਿੰਡੂ ਗਿੱਲ, ਸੇਵਕ ਗਿੱਲ, ਇੰਦਰਜੀਤ ਸਿੰਘ ਨਿਆਮੀਵਾਲਾ, ਮਨਦੀਪ ਸਿੰਘ ਮੌਂਗਾ, ਇੰਦਰਜੀਤ ਸਿੰਘ ਐਡਵੋਕੇਟ ਨਿਆਮੀਵਾਲਾ ਸਮੇਤ ਹੋਰ ਹਾਜ਼ਰ ਸਨ।

# ਹਾੜ੍ਹੀ ਖਰੀਦ ਸੀਜ਼ਨ ਲਈ ਪੰਜਾਬ ਸਰਕਾਰ ਨੇ ਖਿੱਚੀ ਤਿਆਰੀ, ਸੀ.ਸੀ.ਐੱਲ. ਮਨਜ਼ੂਰ ਹੁੰਦੇ ਹੀ ਮੁੱਖ ਮੰਤਰੀ ਨੇ ਕੀਤੀ ਅਫ਼ਸਰਾਂ ਨਾਲ ਮੀਟਿੰਗ

ਚੰਡੀਗੜ੍ਹ, 29 ਮਾਰਚ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਲਗਾਤਾਰ ਕੋਸ਼ਿਸ਼ਾਂ ਮਗਰੋਂ ਭਾਰਤੀ ਰਿਜ਼ਰਵ ਬੈਂਕ (ਆਰ.ਬੀ.ਆਈ.) ਨੇ ਆਗਾਮੀ ਹਾੜ੍ਹੀ ਖ਼ਰੀਦ ਸੀਜ਼ਨ ਲਈ ਕਣਕ ਦੀ ਖ਼ਰੀਦ ਵਾਸਤੇ ਪੰਜਾਬ ਲਈ 29 ਹਜ਼ਾਰ ਕਰੋੜ ਰੁਪਏ ਦੀ ਕੈਸ਼ ਕ੍ਰੈਡਿਟ ਲਿਮਟ (ਸੀ.ਸੀ.ਐਲ.) ਨੂੰ ਪ੍ਰਵਾਨਗੀ ਦੇ ਦਿੱਤੀ ਹੈ।

ਇਸ ਦੌਰਾਨ ਮੁੱਖ ਮੰਤਰੀ ਨੇ ਆਗਾਮੀ ਸੀਜ਼ਨ ਲਈ ਆਰ.ਬੀ.ਆਈ. ਵੱਲੋਂ ਸੀ.ਸੀ.ਐਲ. ਦੇ 25,445 ਕਰੋੜ ਰੁਪਏ ਪਹਿਲਾਂ ਹੀ ਜਾਰੀ ਕਰਨ ਉਤੇ ਤਸੱਲੀ ਜ਼ਾਹਰ ਕੀਤੀ। ਭਗਵੰਤ ਮਾਨ ਨੇ ਕਿਹਾ ਕਿ ਆਰ.ਬੀ.ਆਈ. ਨੇ ਇਸ ਸੀਜ਼ਨ ਲਈ ਸੂਬਾ ਸਰਕਾਰ ਵੱਲੋਂ ਕੀਤੀ ਮੰਗ ਵਿੱਚੋਂ ਸੀ.ਸੀ.ਐਲ. ਦਾ ਵੱਡਾ ਹਿੱਸਾ ਜਾਰੀ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਮੌਜੂਦਾ ਖ਼ਰੀਦ ਸੀਜ਼ਨ ਦੌਰਾਨ ਕਣਕ ਦੀ ਖ਼ਰੀਦ ਸੁਚਾਰੂ ਤਰੀਕੇ ਨਾਲ ਹੋਣੀ ਯਕੀਨੀ ਬਣੇਗੀ।

ਇਸ ਦੌਰਾਨ ਮੁੱਖ ਮੰਤਰੀ ਨੇ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਕਿਸਾਨਾਂ ਦੀ ਫ਼ਸਲ ਦਾ ਦਾਣਾ-ਦਾਣਾ ਸੁਚਾਰੂ ਤਰੀਕੇ ਨਾਲ ਖ਼ਰੀਦਣਾ ਯਕੀਨੀ ਬਣਾਇਆ ਜਾਵੇ ਅਤੇ ਮੰਡੀਆਂ ਵਿੱਚ ਪੁਖ਼ਤਾ ਪ੍ਰਬੰਧ ਕੀਤੇ ਜਾਣ। ਉਨ੍ਹਾਂ ਸਪੱਸ਼ਟ ਕਿਹਾ ਕਿ ਪਹਿਲੀ ਅਪਰੈਲ ਤੋਂ ਖ਼ਰੀਦ ਸ਼ੁਰੂ ਹੋਣ ਦੇ ਪਹਿਲੇ ਦਿਨ ਤੋਂ ਹੀ ਜਿਣਸ ਦੀ ਅਦਾਇਗੀ ਜ਼ਰੂਰ ਯਕੀਨੀ ਬਣਾਈ ਜਾਵੇ। ਭਗਵੰਤ ਮਾਨ ਨੇ ਦੁਹਰਾਇਆ ਕਿ ਸੂਬਾ ਸਰਕਾਰ ਕਿਸਾਨਾਂ ਦੀ ਉਪਜ ਦਾ ਹਰੇਕ ਦਾਣਾ ਖ਼ਰੀਦਣ ਲਈ ਵਚਨਬੱਧ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਕਣਕ ਦੀ ਖ਼ਰੀਦ ਲਈ ਵਿਆਪਕ ਪ੍ਰਬੰਧ ਕੀਤੇ ਜਾਣਗੇ ਤਾਂ ਕਿ ਕਿਸਾਨਾਂ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਪੇਸ਼ ਨਾ ਆਵੇ। ਭਗਵੰਤ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਅਨਾਜ ਦੀ ਸੁਚਾਰੂ ਤਰੀਕੇ ਨਾਲ ਖ਼ਰੀਦ ਲਈ ਪਾਬੰਦ ਹੈ। ਜ਼ਿਕਰਯੋਗ ਹੈ ਕਿ ਕਣਕ ਦੀ ਖ਼ਰੀਦ ਪਹਿਲੀ ਅਪਰੈਲ ਤੋਂ ਸ਼ੁਰੂ ਹੋ ਰਹੀ ਹੈ, ਜਿਹੜੀ 31 ਮਈ ਤੱਕ ਚੱਲੇਗੀ।

# ਖੇਤੀਬਾੜੀ ਮੰਤਰੀ ਧਾਲੀਵਾਲ ਵੱਲੋਂ ਫੀਲਡ ਅਧਿਕਾਰੀਆਂ ਨੂੰ ਮੀਂਹ ਕਾਰਨ ਫਸਲਾਂ ਦੇ ਖਰਾਬੇ ਦੇ ਅਸਲ ਅੰਕੜੇ ਜਲਦ ਪੇਸ਼ ਕਰਨ ਦੇ ਹੁਕਮ

## *ਨਕਲੀ ਖਾਦਾਂ ਅਤੇ ਕੀਟਨਾਸ਼ਕ ਦਵਾਈਆਂ ਦੀ ਸ਼ਿਕਾਇਤ ਲਈ ਵੱਖਰਾ ਨੰਬਰ ਜਲਦ ਹੋਵੇਗਾ ਸ਼ੁਰੂ *ਨਰਮੇ ਦਾ ਏਰੀਆ ਵਧਾਉਣ ਦੀਆਂ ਹਦਾਇਤਾਂ, 33 ਫੀਸਦੀ ਸਬਸਿਡੀ ’ਤੇ ਮਿਲੇਗਾ ਨਰਮੇ ਦਾ ਬੀਜ



ਚੰਡੀਗੜ੍ਹ, 29 ਮਾਰਚ (ਗਿਆਨ ਸਿੰਘੋ): ਪੰਜਾਬ ਦੇ ਖੇਤੀਬਾੜੀ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਖੇਤੀ ਵਿਭਾਗ ਦੇ ਸਾਰੇ ਫੀਲਡ ਅਧਿਕਾਰੀਆਂ ਨੂੰ ਬੀਤੇ ਦਿਨੀਂ ਮੀਂਹ ਕਾਰਣ ਖਰਾਬ ਹੋਈਆਂ ਫਸਲਾਂ ਦੇ ਅਸਲ ਅੰਕੜੇ ਜਲਦ ਤੋਂ ਜਲਦ ਭੇਜਣ ਦੇ ਹੁਕਮ ਦਿੱਤੇ ਹਨ। ਪੰਜਾਬ ਭਵਨ ਵਿਖੇ ਖੇਤੀ ਵਿਭਾਗ ਦੇ ਉੱਚ ਅਧਿਕਾਰੀਆਂ ਅਤੇ ਮੁੱਖ ਖੇਤੀਬਾੜੀ ਅਫਸਰਾਂ ਨਾਲ ਮੀਟਿੰਗ ਦੌਰਾਨ ਧਾਲੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਪਹਿਲਾਂ ਹੀ ਐਲਾਨ ਕਰ ਚੁੱਕੇ ਹਨ ਕਿ ਫਸਲਾਂ ਦੇ ਖਰਾਬੇ ਦਾ ਮੁਆਵਜ਼ਾਂ ਵਿਸਾਖੀ ਦੇ ਆਸ-ਪਾਸ ਦੇਣਾ ਸ਼ੁਰੂ ਕਰ ਦਿੱਤਾ ਜਾਵੇਗਾ, ਇਸ ਲਈ ਮੁੱਖ ਖੇਤੀਬਾੜੀ ਅਫਸਰ ਖਰਾਬੇ ਦੀ ਅਸਲ ਤਸਵੀਰ ਸੂਬਾ ਸਰਕਾਰ ਸਾਹਮਣੇ ਪੇਸ਼ ਕਰਨ। ਉਨ੍ਹਾਂ ਕਿਹਾ ਕਿ ਅਸਲ ਅੰਕੜੇ ਸਿਫਾਰਸ਼ ਰਹਿਤ ਅਤੇ ਕਿਸਾਨਾਂ ਨੂੰ ਖੱਜਲ-ਖੁਆਰ ਕੀਤੇ ਬਿਨਾਂ ਜਲਦ ਭੇਜਣੇ ਯਕੀਨੀ ਬਣਾਏ ਜਾਣ।

ਇਸ ਮੌਕੇ ਧਾਲੀਵਾਲ ਨੇ ਨਕਲੀ ਖਾਦਾਂ ਅਤੇ ਨਕਲੀ ਕੀਟਨਾਸ਼ਕ ਦਵਾਈਆਂ ਬਾਰੇ ਗੰਭੀਰ ਨੋਟਿਸ ਲੈਂਦਿਆਂ ਐਲਾਨ ਕੀਤਾ ਕਿ ਜਲਦ ਹੀ ਕਿਸਾਨਾਂ ਦੀ ਸਹੂਲਤ ਲਈ ਇਕ ਵੱਖਰਾ ਸ਼ਿਕਾਇਤ ਨੰਬਰ ਜਾਰੀ ਕੀਤਾ ਜਾਵੇਗਾ, ਜਿੱਥੇ ਉਹ ਇਸ ਸਬੰਧੀ ਸ਼ਿਕਾਇਤ ਦਰਜ ਕਰਵਾ ਸਕਣਗੇ। ਅਜਿਹੀਆਂ ਸ਼ਿਕਾਇਤਾਂ ਦਾ ਨਿਪਟਾਰਾ ਸਮਾਂਬੱਧ ਤਰੀਕੇ ਨਾਲ ਕਰਨ ਲਈ ਉਨ੍ਹਾਂ ਅਧਿਕਾਰੀਆਂ ਨੂੰ ਵਿਸ਼ੇਸ਼ ਹਦਾਇਤਾਂ ਜਾਰੀ ਕੀਤੀਆਂ। ਉਨ੍ਹਾਂ ਕਿਹਾ ਕਿ ਖਾਦਾਂ ਅਤੇ ਕੀਟਨਾਸ਼ਕ ਦਵਾਈਆਂ ਦੀ ਕੁਆਲਿਟੀ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ ਅਤੇ ਦੋਸ਼ੀ ਕਿਸੇ ਵੀ ਕੀਮਤ ‘ਤੇ ਬਖਸ਼ੇ ਨਹੀਂ ਜਾਣਗੇ। ਉਨ੍ਹਾਂ ਅਧਿਕਾਰੀਆਂ ਨੂੰ ਹੁਕਮ ਦਿੱਤੇ ਕਿ ਕਿਸਾਨਾਂ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਸਿਫਾਰਸ਼ ਕੀਤੇ ਮਿਆਰੀ ਬੀਜ ਖਰੀਦਣ ਲਈ ਜਾਗਰੂਕ ਕੀਤਾ ਜਾਵੇ ਜੋ ਕਿ ਕੁਦਰਤੀ ਆਫਤਾਂ ਦੀ ਮਾਰ ਝੱਲ ਸਕਣ ਦੀ ਸਮਰੱਥਾ ਰੱਖਦੇ ਹੋਣ।

ਧਾਲੀਵਾਲ ਨੇ ਆਗਾਮੀ ਕਣਕ ਦੇ ਖਰੀਦ ਸੀਜਨ ਲਈ ਵੀ ਅਧਿਕਾਰੀਆਂ ਨੂੰ ਖਾਸ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਨਾੜ ਨਾ ਸਾੜਨ ਲਈ ਪ੍ਰੇਰਿਤ ਕੀਤਾ ਜਾਵੇ ਅਤੇ ਇਹ ਵੀ ਸੁਨਿਸ਼ਚਿਤ ਕੀਤਾ ਜਾਵੇ ਕਿ ਤੂੜੀ ਦੀ ਵਰਤੋਂ ਚਾਰੇ ਲਈ ਹੀ ਕੀਤੀ ਜਾਵੇ। ਉਨ੍ਹਾਂ ਕਿਸਾਨਾਂ ਲਈ ਜਾਗਰੂਕ ਕੈਂਪ ਲਗਾਉਣ ਲਈ ਵੀ ਕਿਹਾ। ਉਨ੍ਹਾਂ ਕਿਹਾ ਕਿ ਨਰਮੇ ਦਾ ਏਰੀਆ ਵਧਾਉਣ ਲਈ ਪੰਜਾਬ ਸਰਕਾਰ ਗੰਭੀਰ ਯਤਨ ਕਰ ਰਹੀ ਹੈ ਅਤੇ ਨਰਮਾ ਪੱਟੀ ਦੇ ਕਿਸਾਨਾਂ ਨੂੰ 33 ਫੀਸਦੀ ਸਬਸਿਡੀ ‘ਤੇ ਬੀਜ ਦਿੱਤੇ ਜਾਣਗੇ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਸਬਸਿਡੀ ‘ਤੇ ਬੀਜ ਖਰੀਦਣ ਅਤੇ ਨਰਮਾ ਲਗਾਉਣ ਲਈ ਵੱਧ ਤੋਂ ਵੱਧ ਕਿਸਾਨਾਂ ਨੂੰ ਪ੍ਰੇਰਿਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਕੀਤੇ ਐਲਾਨ ਮੁਤਾਬਕ ਨਰਮਾ ਪੱਟੀ ਦੇ ਕਿਸਾਨਾਂ ਨੂੰ ਸਮੇਂ ਸਿਰ ਪਾਣੀ ਦਿੱਤਾ ਜਾਵੇਗਾ।

ਇਸ ਤੋਂ ਇਲਾਵਾ ਖੇਤੀਬਾੜੀ ਮੰਤਰੀ ਨੇ ਹਦਾਇਤ ਦਿੱਤੀ ਕਿ ਘੱਟ ਸਮਾਂ ਅਤੇ ਘੱਟ ਪਾਣੀ ਲੈਣ ਵਾਲੀ ਝੋਨੇ ਦੀ ਪੀਆਰ 126 ਕਿਸਮ ਦੇ ਬੀਜਾਂ ਨੂੰ ਲਾਉਣ ਲਈ ਵੱਧ ਤੋਂ ਵੱਧ ਕਿਸਾਨਾਂ ਨੂੰ ਪ੍ਰੇਰਿਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਝੋਨੇ ਦੀ ਪੀਆਰ 126 ਕਿਸਮ ਅਧੀਨ ਇਸ ਸਾਲ ਵੱਧ ਤੋਂ ਵੱਧ ਰਕਬਾ ਲਿਆਉਣ ਲਈ ਫੀਲਡ ਅਧਿਕਾਰੀ ਹੁਣ ਤੋਂ ਹੀ ਕੋਸ਼ਿਸ਼ਾਂ ਤੇਜ਼ ਕਰ ਦੇਣ। ਉਨ੍ਹਾਂ ਕਿਹਾ ਕਿ ਜਿਹੜੇ ਇਲਾਕੇ ਝੋਨੇ ਦੀ ਸਿੱਧੀ ਬਿਜਾਈ ਲਈ ਜ਼ਿਆਦਾ ਅਨੁਕੂਲ ਹਨ, ਅਧਿਕਾਰੀ ਉਨ੍ਹਾਂ ਇਲਾਕਿਆਂ ਦੀ ਚੋਣ ਕਰਨ ਅਤੇ ਉੱਥੋਂ ਦੇ ਕਿਸਾਨਾਂ ਨੂੰ ਸਿੱਧੀ ਬਿਜਾਈ ਲਈ ਪ੍ਰੇਰਿਤ ਕਰਨ।

ਧਾਲੀਵਾਲ ਨੇ ਕਿਹਾ ਕਿ ਕਿਸਾਨਾਂ ਦੀ ਭਲਾਈ ਅਤੇ ਆਰਥਿਕਤਾ ਮਜ਼ਬੂਤ ਕਰਨ ਲਈ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿਚ ਸੂਬੇ ਦੀ ਖੇਤੀ ਨੀਤੀ ਤਿਆਰ ਕੀਤੀ ਜਾ ਰਹੀ ਹੈ। ਇਸ ਮਕਸਦ ਲਈ ਆਮ ਲੋਕਾਂ ਤੋਂ ਸੁਝਾਅ ਮੰਗੇ ਗਏ ਹਨ। ਉਨ੍ਹਾਂ ਫੀਲਡ ਅਫਸਰਾਂ ਨੂੰ ਕਿਹਾ ਕਿ ਜੇਕਰ ਉਨ੍ਹਾਂ ਦੇ ਇਲਾਕੇ ਵਿਚ ਕੋਈ ਸਫਲ ਜਾਂ ਪ੍ਰੋਗਰੈਸਿਵ ਕਿਸਾਨ ਹੈ ਤਾਂ ਉਸ ਤੋਂ ਸੁਝਾਅ ਭਿਜਵਾਏ ਜਾਣ।

ਉਨ੍ਹਾਂ ਇਸ ਮੌਕੇ ਪੰਜਾਬ ਸਰਕਾਰ ਦੀ ਭ੍ਰਿਸ਼ਟਾਚਾਰ ਵਿਰੋਧੀ ਨੀਤੀ ਦਾ ਖਾਸ ਜ਼ਿਕਰ ਕਰਦਿਆਂ ਕਿਹਾ ਕਿ ਕਿਸੇ ਵੀ ਭ੍ਰਿਸ਼ਟ ਜਾਂ ਰਿਸ਼ਵਤਖੋਰ ਅਧਿਕਾਰੀ ਜਾਂ ਕਰਮਚਾਰੀ ਨੂੰ ਕਿਸੇ ਵੀ ਕੀਮਤ ‘ਤੇ ਬਖਸ਼ਿਆਂ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਭਲਾਈ ਹਰੇਕ ਅਧਿਕਾਰੀ ਤੇ ਕਰਮਚਾਰੀ ਦੀ ਪਹਿਲ ਹੋਣੀ ਚਾਹੀਦੀ ਹੈ। ਇਸ ਮੌਕੇ ਖੇਤੀ ਵਿਭਾਗ ਦੇ ਪ੍ਰਮੁੱਖ ਸਕੱਤਰ ਸੁਮੇਰ ਸਿੰਘ ਗੁਰਜਰ, ਡਾਇਰੈਕਟਰ ਗੁਰਵਿੰਦਰ ਸਿੰਘ, ਸਾਰੇ ਜ਼ਿਲ੍ਹਿਆਂ ਦੇ ਮੁੱਖ ਖੇਤੀਬਾੜੀ ਅਫਸਰ ਅਤੇ ਮੁੱਖ ਦਫਤਰ ਦੇ ਹੋਰ ਸੀਨੀਅਰ ਅਧਿਕਾਰੀ ਹਾਜ਼ਰ ਸਨ।

# ਗੁਰਦੀਪ ਭੁੱਲਰ ਦੀ ਬਿਨਾਂ ਵਾਰਤਲਾਪ ਤੋਂ ਲਘੂ ਫਿਲਮ ‘ਦਾ-ਬੈਲ’ ਦੀ ਹੋਈ ਸਕ੍ਰੀਨਿੰਗ

***ਬਿਨਾਂ ਵਾਰਤਲਾਪ ਤੋਂ ਲਘੂ ਫਿਲਮ ‘ਦਾ-ਬੈਲ’ ਜ਼ੋਖਿਮ ਭਰਿਆ ਪਰ ਸਫਲ ਤਜ਼ਰਬਾ : ਸੰਜੀਵਨ ਸਿੰਘ**
***ਪੰਜਾਬੀ ਫਿਲਮਕਾਰਾਂ ਵਿਚ ਨਵੇਂ ਤਜ਼ਰਬੇ ਅਤੇ ਵਿਸ਼ਿਆਂ ਨੂੰ ਹੱਥ ਪਾਉਣ ਦੀ ਦਲੇਰੀ ਦੀ ਘਾਟ : ਮਲਕੀਤ ਰੌਣੀ**




ਸਰੀ, ਕਨੈਡਾ ਰਹਿੰਦੇ ਨਾਟਕਰਮੀ, ਗਾਇਕ ਤੇ ਫਿਲਮਕਾਰ ਗੁਰਦੀਪ ਭੁੱਲਰ ਵੱਲੋਂ ਪੰਦਰਾਂ ਮਿੰਟ ਦੀ ਬਿਨਾਂ ਵਾਰਤਲਾਪ ਤੋਂ ਲਘੂ ਫਿਲਮ ‘ਦਾ-ਬੈਲ’ ਬਣਾ ਕੇ ਪੰਜਾਬੀ ਫਿਲਮ ਦੇ ਖੇਤਰ ਇਕ ਨਵੀਂ ਪਿਰਤ ਪਾਉਣ ਦਾ ਯਤਨ ਕੀਤਾ ਹੈ। ਇਹ ਲਘੂ ਫਿਲਮ ਇਕ ਖਿਡਾਰੀ ਦੇ ਆਲੇ-ਦੁਆਲੇ ਘੁੰਮਦੀ ਹੈ ਜੋ ਆਪਣੀ ਖੇਡਣ ਦੀ ਸਮੱਰਥਾ ਵਧਾਉਣ ਇਕ ਡਰੱਗ ਦਾ ਸਹਾਰਾ ਲੈਂਦਾ ਹੈ। ਭਾਵੇਂ ਉਸ ਵੱਲੋਂ ਲਈ ਡਰੱਗ ਉਸ ਨੂੰ ਅੰਤਰਰਾਸ਼ਟਰੀ ਪ੍ਰਸਿੱਧੀ ਤਾਂ ਦਵਾ ਦਿੰਦੀ ਹੈ ਪਰ ਉਸ ਦੀ ਵਿਆਹੁਤਾ ਜ਼ਿੰਦਗੀ ਤਬਾਹ ਕਰਨ ਦਾ ਕਾਰਣ ਵੀ ਬਣਦੀ ਹੈ। ‘ਦਾ-ਬੈਲ’ ਵਿਚ ਪੰਜਾਬੀ ਰੰਗਮੰਚ ਤੇ ਫਿਲਮਾਂ ਦੀ ਮੰਝੀ ਹੋਈ ਅਭਿਨੇਤਰੀ ਰਮਨ ਢਿੱਲੋਂ, ਹਰਵਿੰਦਰ ਔਜਲਾ ਅਤੇ ਜਗਮੀਤ ਕੌਰ ਨੇ ਬਿਨਾਂ ਵਾਰਤਾਲਾਪ ਬੋਲੇ ਫਿਲਮ ਦੇ ਵਿਸ਼ੇ ਅਤੇ ਮਕਸਦ ਨੂੰ ਸਫਲਤਾ ਨਾਲ ਦਰਸ਼ਕਾਂ ਤੱਕ ਪਹੁੰਚਾਇਆ। ਗੁਰਦੀਪ ਭੁੱਲਰ ਇਸ ਤੋਂ ਪਹਿਲਾਂ ਪੰਜਾਬੀ ਟੈਲੀ ਫਿਲਮਾਂ ‘ਕੰਮੋ’ ਅਤੇ ‘ਤਿਲਕਣ’ ਬਣਾਉਣ ਤੋਂ ਇਲਾਵਾ ਕੇਨੈਡਾ ਅਤੇ ਭਾਰਤ ਵਿਚ ਕੇਨੈਡੀਅਨ ਪੰਜਾਬੀ ਦੇ ਮਸਲੇ ਉਭਾਰਦੇ ਕਈ ਨਾਟਕਾਂ ਦਾ ਮੰਚਣ ਵੀ ਗੁਰਦੀਪ ਆਰਟ ਅਕਾਦਮੀ, ਸਰੀ ਵੱਲੋਂ ਕਰ ਚੁੱਕੇ ਹਨ।

ਇਸ ਮੌਕੇ ਹਾਜ਼ਿਰ ਨਾਟਕਕਾਰ ਸੰਜੀਵਨ ਸਿੰਘ ਨੇ ਕਿਹਾ ਕਿ ਗੁਰਦੀਪ ਭੁੱਲਰ ਹੋਰਾਂ ਵੱਲੋਂ ਲਘੂ ਫਿਲਮ ‘ਦਾ-ਬੈਲ’ ਰਾਹੀਂ ਬਿਨਾਂ ਵਾਰਤਲਾਪ ਤੋਂ ਜ਼ੋਖਿਮ ਭਰਿਆ ਪਰ ਸਫਲ ਤਜ਼ਰਬਾ ਕੀਤਾ ਹੈ। ਚਰਚਿੱਤ ਰੰਗਕਰਮੀ ਅਤੇ ਪੰਜਾਬੀ ਫਿਲਮਾਂ ਦੇ ਅਭਿਨੇਤਾ ਮਲਕੀਤ ਰੌਣੀ ਕੇ ਕਿਹਾ ਕਿ ਪੰਜਾਬੀ ਫਿਲਮਾਂ ਦੇ ਰਾਸ਼ਟਰੀ ਫਿਲਮਾਂ ਦਾ ਮੁਕਬਲਾ ਨਾ ਕਰ ਸਕਣ ਦਾ ਕਾਰਣ ਨਿਰਮਾਤਾ-ਨਿਰਦੇਸ਼ਕਾਂ ਵਿਚ ਗੁਰਦੀਪ ਭੁੱਲਰ ਵਾਂਗ ਨਵੇਂ ਤਜ਼ਰਬੇ ਅਤੇ ਵਿਸ਼ਿਆਂ ਨੂੰ ਹੱਥ ਪਾਉਣ ਦੀ ਦਲੇਰੀ ਦੀ ਘਾਟ ਹੈ। ਸਬਦੀਸ਼ ਨੇ ਕਿਹਾ ਕਿ ਚੁੱਪ ਵੀ ਬਹੁੱਤ ਕੁੱਝ ਕਹਿਣ ਦੇ ਸਮੱਰਥ ਹੁੰਦੀ ਹੈ। ਇਸ ਮੌਕੇ ਗੁਰਦੀਪ ਭੁੱਲਰ ਤੋਂ ਇਲਵਾ ਰਮਨ ਢਿੱਲੋਂ, ਅਮਰੀਕ ਤੇਜਾ, ਜਰਨੈਲ ਹੁਸ਼ਿਆਰਪੁਰੀ, ਜਸਬਰੀ ਢਿਲੋਂ, ਕਮਲ ਸ਼ਰਮਾ, ਜਸਵੰਤ ਟੋਨੀ ਮਨੀਸ਼ ਕਲਿਆਂਣ ਵੀ ਸ਼ਾਮਿਲ ਸਨ। ਲਘੂ ਫਿਲਮ ‘ਦੀ ਬੈਲ’ ਦੀ ਸਕਰਨਿੰਗ ਸੁਚੇਤਕ ਸਕੂਲ ਆਫ ਐਕਿਟੰਗ ਵਿਖੇ ਹੋਈ।



# 'ਵਾਰਿਸ ਪੰਜਾਬ ਦੇ' ਦੇ ਮੁਖੀ ਅੰਮ੍ਰਿਤਪਾਲ ਸਿੰਘ ਨਵੀਂ ਦੀ ਵੀਡੀਓ ਆਈ ਸਾਹਮਣੇ, ਕਿਹਾ: ਸਰਕਾਰ ਦਾ ਇਰਾਦਾ ਗ੍ਰਿਫਤਾਰ ਕਰਨਾ ਹੁੰਦਾ ਤਾਂ ਘਰ ਤੋਂ ਆ ਕੇ ਗ੍ਰਿਫਤਾਰ ਕਰ ਲੈਂਦੀ

ਚੰਡੀਗੜ੍ਹ, 29 ਮਾਰਚ (ਪੋਸਟ ਬਿਊਰੋ): 18 ਮਾਰਚ ਤੋਂ ਬਾਅਦ ਅੱਜ 'ਵਾਰਿਸ ਪੰਜਾਬ ਦੇ' ਦੇ ਅੰਮ੍ਰਿਤਪਾਲ ਸਿੰਘ ਦੀ ਵੀਡੀਓ ਸਾਹਮਣੇ ਆਈ ਹੈ। ਜਿਸ ਵਿੱਚ ਉਨ੍ਹਾਂ ਨੇ ਜੋ 18 ਮਾਰਚ ਨੂੰ ਵਾਪਰਿਆ ਬਾਰੇ ਬੋਲਦਿਆਂ ਕਿਹਾ ਕਿ ਜੇਕਰ ਸਰਕਾਰ ਦਾ ਇਰਾਦਾ ਗ੍ਰਿਫਤਾਰ ਕਰਨਾ ਹੁੰਦਾ ਤਾਂ ਘਰ ਤੋਂ ਆ ਕੇ ਗ੍ਰਿਫਤਾਰ ਕਰ ਲੈਂਦੀ, ਅਸੀ ਗ੍ਰਿਫਤਾਰੀ ਦੇ ਦਿੰਦੇ। ਉਨ੍ਹਾਂ ਨੇ ਕਿਹਾ ਕਿ ਸਰਕਾਰ ਨੇ ਜੋ ਰਵੱਈਆ ਅਪਣਾਇਆ ਹੈ, ਜਿਸ ਵਿੱਚ ਉਨ੍ਹਾਂ ਨੇ ਲੱਖਾਂ ਦੀ ਫੋਰਸ ਲਗਾ ਕੇ ਘੇਰਾ ਪਾਇਆ ਗਿਆ ਅਤੇ ਗ੍ਰਿਫਤਾਰ ਕਰਨ ਦੀ ਕੋਸ਼ਿਸ਼ ਕੀਤੀ, ਜਿਸ ਵਿੱਚ ਸੱਚੇ ਪਾਤਸ਼ਾਹ ਨੇ ਸਾਨੂੰ ਕੱਢਿਆ . ਉਨ੍ਹਾਂ ਨੇ ਕਿਹਾ ਕਿ ਸਾਨੂੰ ਲੱਗਦਾ ਸੀ ਕਿ ਸਰਕਾਰ ਵਹੀਰ ਨਹੀਂ ਚਲਾਉਣ ਦੇਣਾ ਚਾਹੁੰਦੀ। ਸਾਨੂੰ ਲੱਗਾ ਮਾਲਵੇ ਵਿੱਚ ਵਹੀਰ ਸ਼ੁਰੂ ਕਰਨੀ ਚਾਹੀਦੀ ਹੈ। ਉਸ ਵੇਲੇ ਸਭ ਥਾਵਾਂ 'ਤੇ ਇੰਟਰਨੈਟ ਬੰਦ ਹੋ ਗਿਆ ਤੇ ਕਿਸੇ ਘਟਨਾ ਬਾਰੇ ਕੁਝ ਪਤਾ ਨਹੀਂ ਲੱਗਾ। ਉਨ੍ਹਾਂ ਕਿਹਾ ਕਿ ਜਦੋਂ ਖਬਰਾਂ ਦੇਖੀਆਂ ਤਾਂ ਕਿਵੇਂ ਪੰਜਾਬ ਸਰਕਾਰ ਨੇ ਕਈ ਸਿੱਖ ਨੌਜਵਾਨਾਂ ਨੂੰ ਦੋਸ਼ੀ ਬਣਾ ਕੇ ਜੇਲ੍ਹਾਂ ਵਿੱਚ ਬੰਦ ਕੀਤਾ ਹੈ, ਜਿਸ ਵਿੱਚ ਉਨ੍ਹਾਂ ਨੇ ਕਿਸੇ ਨੂੰ ਨਹੀਂ ਬਖਸਿਆ। ਉਨ੍ਹਾਂ ਨੇ ਕਿਹਾ ਇਹ ਹੋਈ ਕੰਮ ਹੈ ਜੋ ਕਦੇ ਬੇਅੰਤ ਸਿੰਘ ਦੀ ਸਰਕਾਰ ਵੇਲੇ ਹੋਇਆ ਸੀ। ਉਨ੍ਹਾਂ ਕਿਹਾ ਕਿ ਗ੍ਰਿਫਤਾਰੀ ਤੋਂ ਨਾ ਕਦੇ ਡਰਿਆ ਅਤੇ ਨਾ ਅੱਜ ਡਰਦਾ ਹਾਂ .ਉਨ੍ਹਾਂ ਨੇ ਕਿਹਾ ਇਹ ਸਿਰਫ ਮੇਰੀ ਗ੍ਰਿਫਤਾਰੀ ਦਾ ਮਸਲਾ ਨਹੀਂ, ਇਹ ਮਸਲਾ ਸਿੱਖ ਕੌਮ 'ਤੇ ਹਮਲੇ ਦਾ ਹੈ।

ਅੰਮ੍ਰਿਤਪਾਲ ਸਿੰਘ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਅਪੀਲ ਕਰਦਿਆਂ ਕਿਹਾ ਗਿਆ ਕਿ ਵਿਸਾਖੀ 'ਤੇ ਸਰਬਤ ਖ਼ਾਲਸਾ ਬੁਲਾਇਆ ਜਾਵੇ। ਇਸ ਦੇ ਨਾਲ ਹੀ ਉਸ ਨੇ ਕਿਹਾ ਕਿ ਮੈਂ ਚੜ੍ਹਦੀ ਕਲਾਂ ਵਿਚ ਹਾਂ ਅਤੇ ਗ੍ਰਿਫ਼ਤਾਰੀ ਵਾਹਿਗੁਰੂ ਦੇ ਹੱਥ ਵਿਚ ਹੈ। ਉਨ੍ਹਾਂ ਲੋਕਾਂ ਨੂੰ ਵੀ ਸੰਬੋਧਨ ਕਰਦਿਆਂ ਕਿਹਾ ਹਕੂਮਤ ਦੇ ਧੱਕੇ ਖ਼ਿਲਾਫ਼ ਆਵਾਜ਼ ਬੁਲੰਦ ਕੀਤੀ ਜਾਵੇ। ਅੰਮ੍ਰਿਤਪਾਲ ਸਿੰਘ ਨੇ ਕਿਹਾ ਕਿ ਜੋ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵਲੋਂ ਪੰਜਾਬ ਸਰਕਾਰ ਨੂੰ 24 ਘੰਟਿਆਂ ਦਾ ਅਲਟੀਮੇਟਮ ਦਿੱਤਾ ਸੀ, ਉਸ 'ਤੇ ਪੰਜਾਬ ਸਰਕਾਰ ਨੇ ਬਹੁਤ ਹੀ ਨੀਵੇਂ ਪੱਧਰ ਦੀ ਟਿੱਚਰ ਕੀਤੀ . ਅੰਮ੍ਰਿਤਪਾਲ ਸਿੰਘ ਨੇ ਕਿਹਾ ਮੈਨੂੰ ਲੱਗਦਾ ਹੈ ਕਿ ਜੱਥੇਦਾਰ ਸਾਹਿਬ ਨੂੰ ਇਸ 'ਤੇ ਸਖ਼ਤ ਸਟੈਂਡ ਲੈਣਾ ਚਾਹੀਦਾ ਹੈ।

# ਪ੍ਰੋ: ਰੇਨੂੰ ਚੀਮਾ ਵਿਗ ਪੰਜਾਬ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਨਿਯੁਕਤ



ਚੰਡੀਗੜ੍ਹ, 29 ਮਾਰਚ (ਪੋਸਟ ਬਿਊਰੋ): ਭਾਰਤ ਦੇ ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਪ੍ਰੋ: ਰੇਨੂੰ ਚੀਮਾ ਵਿਗ ਨੂੰ ਪੰਜਾਬ ਯੂਨੀਵਰਸਿਟੀ ਦਾ ਵਾਈਸ ਚਾਂਸਲਰ ਨਿਯੁਕਤ ਕੀਤਾ ਗਿਆ ਹੈ . ਇਥੇ ਜਿਕਰਯੋਗ ਹੈ ਕਿ ਜਗਦੀਪ ਧਨਖੜ ਪੰਜਾਬ ਯੂਨੀਵਰਸਿਟੀ ਦੇ ਚਾਂਸਲਰ ਵੀ ਹਨ, ਅੱਜ ਪ੍ਰੋ. (ਡਾ.) ਰੇਣੂ ਚੀਮਾ ਵਿਗ, ਜੋ ਮੌਜੂਦਾ ਸਮੇਂ ਯੂਨੀਵਰਸਿਟੀ ਇੰਸਟ੍ਰਕਸ਼ਨ (ਡੀਯੂਆਈ) ਦੀ ਡੀਨ ਹਨ, ਉਨ੍ਹਾਂ ਨੂੰ ਪੰਜਾਬ ਯੂਨੀਵਰਸਿਟੀ ਦਾ ਵਾਈਸ ਚਾਂਸਲਰ ਨਿਯੁਕਤ ਕੀਤਾ ਗਿਆ ਹੈ। ਪੰਜਾਬ ਯੂਨੀਵਰਸਿਟੀ ਐਕਟ 1947 ਦੀ ਧਾਰਾ 10 ਦੁਆਰਾ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਜਗਦੀਪ ਧਨਖੜ ਨੇ ਪ੍ਰੋ: ਰੇਨੂੰ ਚੀਮਾ ਵਿਗ ਦੀ ਨਿਯੁਕਤੀ ਤਿੰਨ ਸਾਲਾਂ ਦੀ ਮਿਆਦ ਲਈ ਕੀਤੀ ਹੈ।






## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।














## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com


ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.











## ਲੜਕੀ ਦੀ ਲੋੜ

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664


ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੇਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661



## ਲੜਕੇ ਦੀ ਲੋੜ

ਰਮਦਾਸੀਆ ਸਿੱਖ ਸੋਹਣੀ ਸੁਨੱਖੀ ਲੜਕੀ, ਕੱਦ 5 ਫੁੱਟ 7 ਇੰਚ, ਜਨਮ 1993, ਐੱਮ.ਟੈੱਕ, ਕੈਨੇਡਾ ਦੀ ਪੀ.ਆਰ., ਲਈ ਪ੍ਰੋਫੈਸ਼ਨਲੀ ਕੁਆਲੀਫਾਈਡ ਸਿੱਖ ਲੜਕੇ ਦੀ ਲੋੜ ਹੈ। ਲੜਕਾ ਪੀ.ਆਰ. ਹੋਣਾ ਚਾਹੀਦਾ ਹੈ ਅਤੇ ਕੈਨੇਡਾ ਵਿਚ ਕੰਮ ਕਰਦੇ ਲੜਕੇ ਨੂੰ ਪਹਿਲ ਦਿੱਤੀ ਜਾਵੇਗੀ। ਫੋਟੋ/ਬਾਇਓਡਾਟਾ sukhik0113@gmail.com ਉਤੇ ਭੇਜ ਸਕਦੇ ਹੋ। ਸੰਪਰਕ: +91 9868560322 ਜਾਂ 437 261 4061

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com






## ਲੜਕੇ ਦੀ ਲੋੜ

Saini Sikh family living in Ontario seeks suitable match for their beautiful daughter born in India and raised in Canada since 2005, 27-year-old, slim 5'3" tall has a bachelor degree and a good job. Boy should be Sikh, educated, living and working in Canada. Please contact on +1 (289) 707- 4366.

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

# ਰਾਜਸਥਾਨ ਵਿਚ ਪ੍ਰਾਈਵੇਟ ਡਾਕਟਰਾਂ ਦੀ ਹੜਤਾਲ ਵਿੱਚ ਸਰਕਾਰੀ ਡਾਕਟਰ ਵੀ ਸ਼ਾਮਿਲ, ਸਿਹਤ ਵਿਵਸਥਾ ਲੜਖੜਾਈ




ਜੈਪੁਰ, 29 ਮਾਰਚ (ਪੋਸਟ ਬਿਊਰੋ): ਰਾਜਸਥਾਨ 'ਚ ਬੁੱਧਵਾਰ ਨੂੰ ਸਿਹਤ ਸੇਵਾਵਾਂ ਬੁਰੀ ਤਰ੍ਹਾਂ ਪ੍ਰਭਾਵਿਤ ਹੋਣ ਦੀ ਖਬਰ ਹੈ। ਅਜਿਹਾ ਇਸ ਲਈ ਹੈ ਕਿਉਂਕਿ ਸਰਕਾਰੀ ਡਾਕਟਰਾਂ ਅਤੇ ਮੈਡੀਕਲ ਕਾਲਜਾਂ ਦੇ ਫੈਕਲਟੀ ਮੈਂਬਰਾਂ ਨੇ ਸਿਹਤ ਅਧਿਕਾਰ ਬਿੱਲ ਵਿਰੁੱਧ ਅੰਦੋਲਨ ਕਰ ਰਹੇ ਪ੍ਰਾਈਵੇਟ ਡਾਕਟਰਾਂ ਨਾਲ ਇਕਜੁੱਟਤਾ ਵਜੋਂ ਇੱਕ ਦਿਨ ਦੀ ਸਮੂਹਿਕ ਛੁੱਟੀ ਦਾ ਐਲਾਨ ਕੀਤਾ ਹੈ। ਹਾਲਾਂਕਿ, ਐਮਰਜੈਂਸੀ ਦੀ ਸਥਿਤੀ ਵਿੱਚ ਢਿੱਲ ਦਿੱਤੀ ਜਾਵੇਗੀ।

ਸਿਹਤ ਵਿਭਾਗ ਨੇ ਮੈਡੀਕਲ ਕਾਲਜਾਂ ਦੇ ਪ੍ਰਿੰਸੀਪਲਾਂ ਨੂੰ ਇਹ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਹਨ ਕਿ ਓਪੀਡੀ, ਆਈਪੀਡੀ, ਆਈਸੀਯੂ, ਐਮਰਜੈਂਸੀ ਅਤੇ ਡਿਲੀਵਰੀ ਵਾਰਡਾਂ ਵਿੱਚ ਮੈਡੀਕਲ ਸੇਵਾਵਾਂ ਪ੍ਰਭਾਵਿਤ ਨਾ ਹੋਣ। ਸਰਕਾਰ ਨੇ ਉਨ੍ਹਾਂ ਨੂੰ ਸਰਕਾਰੀ ਡਾਕਟਰਾਂ ਦੀ ਮਰਜ਼ੀ ਨਾਲ ਅਤੇ ਬਿਨਾਂ ਅਗਾਊਂ ਪ੍ਰਵਾਨਗੀ ਤੋਂ ਛੁੱਟੀ 'ਤੇ ਜਾਣ ਅਤੇ ਡਿਊਟੀ ਵਿਚ ਅਣਗਹਿਲੀ ਲਈ ਰੈਜ਼ੀਡੈਂਟ ਡਾਕਟਰਾਂ ਦੀ ਰਜਿਸਟ੍ਰੇਸ਼ਨ ਰੱਦ ਕਰਨ ਲਈ ਕਾਰਵਾਈ ਕਰਨ ਦੇ ਵੀ ਨਿਰਦੇਸ਼ ਦਿੱਤੇ ਹਨ। ਪ੍ਰਾਈਵੇਟ ਡਾਕਟਰ ਪਿਛਲੇ ਮੰਗਲਵਾਰ ਰਾਜ ਵਿਧਾਨ ਸਭਾ ਵਿੱਚ ਪਾਸ ਕੀਤੇ ਗਏ ਬਿੱਲ ਨੂੰ ਵਾਪਸ ਲੈਣ ਦੀ ਮੰਗ ਕਰ ਰਹੇ ਹਨ। ਆਲ ਰਾਜਸਥਾਨ ਇਨ-ਸਰਵਿਸ ਡਾਕਟਰਜ਼ ਐਸੋਸੀਏਸ਼ਨ ਨੇ ਅੰਦੋਲਨਕਾਰੀ ਡਾਕਟਰਾਂ ਦੇ ਸਮਰਥਨ ਵਿੱਚ ਬੁੱਧਵਾਰ ਨੂੰ ਇੱਕ ਦਿਨ ਦੀ ਹੜਤਾਲ ਦਾ ਐਲਾਨ ਕੀਤਾ ਹੈ।

ਐਸੋਸੀਏਸ਼ਨ ਦੇ ਜਨਰਲ ਸਕੱਤਰ ਡਾ. ਸ਼ੰਕਰ ਬਾਮਣੀਆ ਨੇ ਦੱਸਿਆ ਕਿ ਸਿਹਤ ਅਧਿਕਾਰ ਬਿੱਲ ਦੇ ਵਿਰੋਧ ਵਿੱਚ ਡਾਕਟਰਾਂ ਦੇ ਅੰਦੋਲਨ ਦੇ ਸਮਰਥਨ ਵਿੱਚ 15,000 ਤੋਂ ਵੱਧ ਸੇਵਾ ਕਰ ਰਹੇ (ਸਰਕਾਰੀ) ਡਾਕਟਰ ਇੱਕ ਦਿਨ ਦੀ ਸਮੂਹਿਕ ਛੁੱਟੀ ਵਾਲੇ ਦਿਨ ਕੰਮ ਦਾ ਬਾਈਕਾਟ ਕਰਨਗੇ। ਰੈਜ਼ੀਡੈਂਟ ਡਾਕਟਰ ਅਤੇ ਮੈਡੀਕਲ ਕਾਲਜਾਂ ਦੇ ਫੈਕਲਟੀ ਵੀ ਉਨ੍ਹਾਂ ਦੇ ਨਾਲ ਕੰਮ ਦਾ ਬਾਈਕਾਟ ਕਰਨਗੇ। ਉਨ੍ਹਾਂ ਕਿਹਾ, "ਸਾਰੇ ਡਾਕਟਰ ਅੰਦੋਲਨ ਦੇ ਸਮਰਥਨ ਵਿੱਚ ਇੱਕ ਦਿਨ ਦੀ ਸਮੂਹਿਕ ਛੁੱਟੀ 'ਤੇ ਰਹਿਣਗੇ।"

# ਮੁੱਖ ਮੰਤਰੀ ਨੇ ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਕੋਲ ਪ੍ਰਸਤਾਵਿਤ ਵਾਟਰ ਸੈੱਸ ਦਾ ਮੁੱਦਾ ਉਠਾਇਆ

* ਸੁਖਵਿੰਦਰ ਸੁੱਖੂ ਨੇ ਸਪੱਸ਼ਟ ਕੀਤਾ ਕਿ ਵਾਟਰ ਸੈੱਸ ਸਿਰਫ਼ ਹਿਮਾਚਲ ਪ੍ਰਦੇਸ਼ ਵਿੱਚ ਹਾਈਡਰੋ ਪਾਵਰ ਪ੍ਰਾਜੈਕਟਾਂ 'ਤੇ ਹੀ ਲਾਗੂ ਹੋਵੇਗਾ

* ਦੋਵੇਂ ਮੁੱਖ ਮੰਤਰੀ ਸ੍ਰੀ ਆਨੰਦਪੁਰ ਸਾਹਿਬ-ਨੈਨਾ ਦੇਵੀ ਜੀ ਅਤੇ ਪਠਾਨਕੋਟ-ਡਲਹੌਜ਼ੀ ਰੋਪਵੇਅ ਸਥਾਪਤ ਕਰਨ ਲਈ ਸਹਿਮਤ

ਚੰਡੀਗੜ੍ਹ, 29 ਮਾਰਚ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਹਿਮਾਚਲ ਪ੍ਰਦੇਸ਼ ਵੱਲੋਂ ਹਾਈਡਰੋ ਪਾਵਰ ਪਲਾਂਟਾਂ 'ਤੇ ਪ੍ਰਸਤਾਵਿਤ ਵਾਟਰ ਸੈੱਸ ਲਾਉਣ ਦਾ ਮੁੱਦਾ ਬੁੱਧਵਾਰ ਨੂੰ ਪਹਾੜੀ ਰਾਜ ਦੇ ਆਪਣੇ ਹਮਰੁਤਬਾ ਸੁਖਵਿੰਦਰ ਸੁੱਖੂ ਕੋਲ ਉਠਾਇਆ। ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਨੇ ਅੱਜ ਸਵੇਰੇ ਭਗਵੰਤ ਮਾਨ ਨਾਲ ਉਨ੍ਹਾਂ ਦੀ ਸਰਕਾਰੀ ਰਿਹਾਇਸ਼ 'ਤੇ ਮੁਲਾਕਾਤ ਕੀਤੀ।

ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਹਿਮ-ਾਚਲ ਪ੍ਰਦੇਸ਼ ਸਰਕਾਰ ਵੱਲੋਂ ਪਣ-ਬਿਜਲੀ ਪਲਾਂਟਾਂ 'ਤੇ ਪ੍ਰਸਤਾਵਿਤ ਵਾਟਰ ਸੈੱਸ ਲਾਗੂ ਕਰਨ ਬਾਰੇ ਸੂਬੇ ਦੀ ਚਿੰਤਾ ਜ਼ਾਹਰ ਕੀਤੀ। ਭਗਵੰਤ ਮਾਨ ਨੇ ਕਿਹਾ ਕਿ ਇਸ ਨੂੰ ਲਾਗੂ ਨਹੀਂ ਕੀਤਾ ਜਾਣਾ ਚਾਹੀਦਾ ਕਿਉਂਕਿ ਇਹ ਸੂਬੇ ਦੇ ਹਿੱਤਾਂ ਖ਼ਿਲਾਫ਼ ਹੈ। ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਨੇ ਸਪੱਸ਼ਟ ਕੀਤਾ ਕਿ ਵਾਟਰ ਸੈੱਸ ਸਿਰਫ਼ ਉਨ੍ਹਾਂ ਦੇ ਆਪਣੇ ਸੂਬੇ ਦੇ ਪਣ-ਬਿਜਲੀ ਪਲਾਂਟਾਂ 'ਤੇ ਲਗਾਇਆ ਜਾਵੇਗਾ ਅਤੇ ਕਿਹਾ ਕਿ ਇਹ ਪੰਜਾਬ ਵਿੱਚ ਲਾਗੂ ਨਹੀਂ ਹੋਵ-ੇਗਾ।

ਮਸਲੇ ਦੇ ਹੱਲ ਲਈ ਦੋਵਾਂ ਮੁੱਖ ਮੰਤਰੀਆਂ ਨੇ ਇਸ ਗੱਲ 'ਤੇ ਸਹਿਮਤੀ ਪ੍ਰਗਟਾਈ ਕਿ ਰਾਜਾਂ ਦੇ ਮੁੱਖ ਸਕੱਤਰ ਅਤੇ ਬਿਜਲੀ ਸਕੱਤਰ ਹਰ ਪੰਦਰਵਾੜੇ ਬਾਅਦ ਮੀਟਿੰਗ ਕਰਨਗੇ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਰਾਜਾਂ ਵਿਚਕਾਰ ਕੋਈ ਝਗੜਾ ਨਾ ਹੋਵੇ। ਉਨ੍ਹਾਂ ਕਿਹਾ ਕਿ ਦੋਵਾਂ ਰਾਜਾਂ ਦੇ ਉੱਚ ਅਧਿਕਾਰੀ ਰਾਜਾਂ ਨੂੰ ਦਰਪੇਸ਼ ਮੁੱਦਿਆਂ ਨੂੰ ਆਪਸੀ ਤਾਲਮੇਲ ਨਾਲ ਹੱਲ ਕਰਨਗੇ ਤਾਂ ਜੋ ਉਨ੍ਹਾਂ ਵਿਚਕਾਰ ਕਿਸੇ ਮਸਲੇ ਉਤੇ ਕੋਈ ਮਤਭੇਦ ਨਾ ਰਹੇ। ਦੋਵਾਂ ਮੁੱਖ ਮੰਤਰੀਆਂ ਨੇ ਦੋਵਾਂ ਰਾਜਾਂ ਦੇ ਲੋਕਾਂ ਨੂੰ ਲਾਭ ਪਹੁੰਚਾਉਣ ਲਈ ਵੱਖ-ਵੱਖ ਖੇਤਰਾਂ ਵਿੱਚ ਆਪਸੀ ਸਹਿਯੋਗ ਲਈ ਸਹਿਮਤੀ ਪ੍ਰਗਟਾਈ।



ਇਕ ਹੋਰ ਮੁੱਦਾ ਚੁੱਕਦਿਆਂ ਮੁੱਖ ਮੰਤਰੀ ਨੇ ਸ੍ਰੀ ਆਨੰਦਪੁਰ ਸਾਹਿਬ ਅਤੇ ਨੈਣਾ ਦੇਵੀ ਜੀ ਵਿਚਕਾਰ ਰੋਪਵੇਅ ਦੀ ਵਕਾਲਤ ਕੀਤੀ ਤਾਂ ਜੋ ਦੋਵਾਂ ਰਾਜਾਂ ਨੂੰ ਆਪਸੀ ਲਾਭ ਹੋ ਸਕੇ। ਉਨ੍ਹਾਂ ਕਿਹਾ ਕਿ ਰੋਪਵੇਅ ਨਾਲ ਇਨ੍ਹਾਂ ਦੋਵਾਂ ਇਤਿਹਾਸਕ ਅਤੇ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਲੱਖਾਂ ਸ਼ਰਧਾਲੂਆਂ ਨੂੰ ਸਹੂਲਤ ਮਿਲੇਗੀ। ਦੋਵੇਂ ਮੁੱਖ ਮੰਤਰੀਆਂ ਨੇ ਇਸ ਗੱਲ 'ਤੇ ਸਹਿਮਤੀ ਪ੍ਰਗਟਾਈ ਕਿ ਇਹ ਪ੍ਰਾਜੈਕਟ ਦੋਵਾਂ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਜਾਣ ਵਾਲੇ ਸ਼ਰਧਾਲੂਆਂ ਦੀ ਯਾਤਰਾ ਨੂੰ ਸੁਖਾਲਾ ਬਣਾਵੇਗਾ, ਜੋ ਇਕ ਦੂਜੇ ਤੋਂ ਕਾਫ਼ੀ ਦੂਰ ਸਥਿਤ ਹਨ ਅਤੇ ਪਹਾੜੀ ਖੇਤਰ ਉਨ੍ਹਾਂ ਦੀਆਂ ਸਮੱਸਿਆਵਾਂ ਵਿੱਚ ਵਾਧਾ ਕਰਦਾ ਹੈ।

ਇਸ ਦੌਰਾਨ ਦੋਵਾਂ ਮੁੱਖ ਮੰਤਰੀਆਂ ਨੇ ਸੈਰ ਸਪਾਟੇ ਨੂੰ ਹੁਲਾਰਾ ਦੇਣ ਲਈ ਪਠਾਨਕੋਟ-ਡਲਹੌਜ਼ੀ ਰੋਪਵੇਅ ਪ੍ਰਾਜੈਕਟ ਸਥਾਪਤ ਕਰਨ 'ਤੇ ਵੀ ਸਹਿਮਤੀ ਪ੍ਰਗਟਾਈ। ਉਨ੍ਹਾਂ ਕਿਹਾ ਕਿ ਸੈਲਾਨੀਆਂ ਦੀ ਸਹੂਲਤ ਦੇ ਨਾਲ-ਨਾਲ ਇਹ ਦੋਵਾਂ ਰਾਜਾਂ ਦੇ ਸਮਾਜਿਕ-ਆਰਥਿਕ ਵਿਕਾਸ ਨੂੰ ਹੁਲਾਰਾ ਦੇਣ ਵਿੱਚ ਵੀ ਮਦਦ ਕਰੇਗਾ। ਦੋਵਾਂ ਆਗੂਆਂ ਨੇ ਇਸ ਖੇਤਰ ਵਿੱਚ ਸੈਰ-ਸਪਾਟੇ ਦੀ ਵੱਡੀ ਸੰਭਾਵਨਾ 'ਤੇ ਵੀ ਜ਼ੋਰ ਦਿੱਤਾ ਅਤੇ ਕਿਹਾ ਕਿ ਸੈਰ-ਸਪਾਟੇ ਦੀ ਸਹੂਲਤ ਲਈ ਸਾਂਝੇ ਤੌਰ 'ਤੇ ਕੰਮ ਕਰਨਾ ਦੋਵਾਂ ਰਾਜਾਂ ਦੇ ਹਿੱਤ ਵਿੱਚ ਹੈ।

ਮੁੱਖ ਮੰਤਰੀ ਨੇ ਬਿਜਲੀ ਖੇਤਰ ਵਿੱਚ ਵੀ ਦੋਵਾਂ ਸੂਬਿਆਂ ਦਰਮਿਆਨ ਆਪਸੀ ਸਹਿਯੋਗ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਹਿਮਾਚਲ ਪ੍ਰਦੇਸ਼ ਪੀਕ ਸੀਜ਼ਨ ਦੌਰਾਨ ਆਪਣੇ ਕੋਲ ਮੌਜੂਦ ਵਾਧੂ ਬਿਜਲੀ ਪੰਜਾਬ ਨੂੰ ਵੇਚ ਸਕਦਾ ਹੈ। ਭਗਵੰਤ ਮਾਨ ਨੇ ਕਿਹਾ ਕਿ ਇਸ ਨਾਲ ਸੂਬੇ ਵਿੱਚ ਝੋਨੇ ਦੇ ਸੀਜ਼ਨ ਦੌਰਾਨ ਬਿਜਲੀ ਦਾ ਮਸਲਾ ਹੱਲ ਕਰਨ ਵਿੱਚ ਵੱਡੀ ਮਦਦ ਮਿਲੇਗੀ।

# ਤਿੰਨ ਬੱਚਿਆਂ ਸਮੇਤ ਰੇਲਵੇ ਟ੍ਰੈਕ 'ਤੇ ਮਿਲੀ ਔਰਤ ਦੀ ਲਾਸ਼



ਝਾਰਖੰਡ, 29 ਮਾਰਚ (ਪੋਸਟ ਬਿਊਰੋ): ਝਾਰਖੰਡ ਦੇ ਪਲਾਮੂ ਤੋਂ ਇੱਕ ਦਰਦਨਾਕ ਘਟਨਾ ਸਾਹਮਣੇ ਆਈ ਹੈ। ਇੱਥੇ ਰੇਲਵੇ ਟ੍ਰੈਕ 'ਤੇ ਤਿੰਨ ਬੱਚਿਆਂ ਸਮੇਤ ਔਰਤ ਦੀ ਲਾਸ਼ ਮਿਲੀ ਹੈ। ਚਾਰਾਂ ਦੀਆਂ ਲਾਸ਼ਾਂ ਰੇਲਵੇ ਟ੍ਰੈਕ 'ਤੇ ਬੁਰੀ ਹਾਲਤ 'ਚ ਪਈਆਂ ਸਨ। ਘਟਨਾ ਦੀ ਸੂਚਨਾ ਮਿਲਦੇ ਹੀ ਮੌਕੇ 'ਤੇ ਪਹੁੰਚੀ ਪੁਲਸ ਨੇ ਲਾਸ਼ਾਂ ਨੂੰ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਭੇਜ ਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਔਰਤ ਦੀ ਪਛਾਣ ਮਨੀਤਾ ਦੇਵੀ (30) ਪਤਨੀ ਰਵੀ ਸਿੰਘ ਵਾਸੀ ਹਰੀਹਰਗੰਜ ਦੇ ਖੜਗਪੁਰ ਵਜੋਂ ਹੋਈ ਹੈ। ਉਨ੍ਹਾਂ ਦੇ ਬੱਚੇ 1, 3 ਅਤੇ 6 ਸਾਲ ਦੇ ਸਨ। ਦੱਸਿਆ ਜਾ ਰਿਹਾ ਹੈ ਕਿ ਔਰਤ ਡਾਲਟਨਗੰਜ ਰੇਲਵੇ ਸਟੇਸ਼ਨ ਦੇ ਨਾਲ ਲੱਗਦੇ ਬਿਸਫੂਟਾ ਦੇ ਨਿ-ਮਆਨ 'ਚ ਰੇਲਵੇ ਟ੍ਰੈਕ 'ਤੇ ਪਹੁੰਚੀ ਅਤੇ ਉਸ ਨੇ ਬੱਚਿਆਂ ਸਮੇਤ ਟਰੇਨ ਅੱਗੇ ਛਾਲ ਮਾਰ ਕੇ ਆਪਣੀ ਜਾਨ ਦੇ ਦਿੱਤੀ।

ਮ੍ਰਿਤਕ ਔਰਤ ਦਾ ਮਾਮਾ ਸਤਬਰਵਾ ਥਾਣਾ ਖੇਤਰ ਦੇ ਏਕਤਾ ਵਿੱਚ ਹੈ। ਉਸ ਦੇ ਪਿਤਾ ਫੱਗੂ ਸਿੰਘ ਨੇ ਫੋਨ ਕਰਕੇ ਇਸ ਦੀ ਸੂਚਨਾ ਦਿੱਤੀ। ਮ੍ਰਿਤਕ ਔਰਤ ਦੇ ਰਿਸ਼ਤੇਦਾਰਾਂ ਨੇ ਦੱਸਿਆ ਕਿ ਉਹ ਬੁੱਧਵਾਰ ਨੂੰ ਆਪਣੇ ਸਹੁਰੇ ਘਰ ਗਈ ਸੀ। ਇਸ ਤੋਂ ਬਾਅਦ ਉਸ ਦੀ ਮੌਤ ਦੀ ਖ਼ਬਰ ਮਿਲੀ। ਉਸ ਨੇ ਅਜਿਹਾ ਕਿਉਂ ਕੀਤਾ, ਇਸ ਦਾ ਕਾਰਨ ਅਜੇ ਸਪੱਸ਼ਟ ਨਹੀਂ ਹੋ ਸਕਿਆ ਹੈ।

ਇਸ ਮਾਮਲੇ 'ਤੇ ਐਸਪੀ ਚੰਦਨ ਕੁਮਾਰ ਸਿਨਹਾ ਨੇ ਕਿਹਾ ਕਿ ਪਹਿਲੀ ਨਜ਼ਰੇ ਇਹ ਹਾਦਸਾ ਜਾਪਦਾ ਹੈ। ਪੋਸਟਮਾਰਟਮ ਦੀ ਰਿਪੋਰਟ ਆਉਣ ਤੋਂ ਬਾਅਦ ਹੀ ਅਸਲ ਕਾਰਨਾਂ ਦਾ ਪਤਾ ਲੱਗੇਗਾ। ਇਸ ਘਟਨਾ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ। ਮ੍ਰਿਤਕ ਔਰਤ 4 ਮਹੀਨਿਆਂ ਤੋਂ ਆਪਣੇ ਪੇਕੇ ਘਰ ਰਹਿ ਰਹੀ ਸੀ। ਉਹ 20 ਦਿਨ ਪਹਿਲਾਂ ਆਪਣੇ ਸਹੁਰੇ ਘਰ ਗਈ ਸੀ। ਕੁਝ ਪਰਿਵਾਰਕ ਝਗੜੇ ਸਬੰਧੀ ਜਾਣਕਾਰੀ ਮਿਲੀ ਹੈ, ਜਿਸ ਦੀ ਵੀ ਜਾਂਚ ਕੀਤੀ ਜਾ ਰਹੀ ਹੈ।

# ਜੈਪੁਰ ਬਲਾਸਟ ਮਾਮਲੇ ਵਿਚ ਹਾਈਕੋਰਟ ਨੇ ਪਲਟਿਆ ਫੈਸਲਾ, ਮੌਤ ਦੀ ਸਜ਼ਾ ਦੇ ਚਾਰੇ ਦੋਸ਼ੀ ਬਰੀ




ਜੈਪੁਰ, 29 ਮਾਰਚ (ਪੋਸਟ ਬਿਊਰੋ): ਜੈਪੁਰ ਬੰਬ ਧਮਾਕੇ ਮਾਮਲੇ ਵਿੱਚ ਮੌਤ ਦੀ ਸਜ਼ਾ ਸੁਣਾਏ ਗਏ ਚਾਰ ਦੋਸ਼ੀਆਂ ਨੂੰ ਬਰੀ ਕਰ ਦਿੱਤਾ ਗਿਆ ਹੈ। ਜੈਪੁਰ ਹਾਈ ਕੋਰਟ ਨੇ ਚਾਰਾਂ ਦੋਸ਼ੀਆਂ ਦੇ ਡੈਥ ਰੈਫਰੈਂਸ ਨੂੰ ਰੱਦ ਕਰ ਦਿੱਤਾ ਹੈ। ਹੇਠਲੀ ਅਦਾਲਤ ਨੇ ਚਾਰਾਂ ਦੋਸ਼ੀਆਂ ਨੂੰ ਮੌਤ ਦੀ ਸਜ਼ਾ ਸੁਣਾਈ ਸੀ। ਹਾਈ ਕੋਰਟ ਨੇ ਸਾਰੇ ਸਬੂਤਾਂ ਨੂੰ ਰੱਦ ਕਰਦਿਆਂ ਚਾਰਾਂ ਨੂੰ ਬਰੀ ਕਰ ਦਿੱਤਾ ਹੈ। ਹਾਈ ਕੋਰਟ ਦੇ ਫੈਸਲੇ ਤੋਂ ਬਾਅਦ ਚਾਰਾਂ ਦੋਸ਼ੀਆਂ ਦੇ ਵਕੀਲ ਸਈਦ ਅਲੀ ਨੇ ਦੱਸਿਆ ਕਿ ਇਹ ਨਿਆਂ ਦੀ ਜਿੱਤ ਹੈ। ਪਿਛਲੇ 16 ਸਾਲਾਂ ਤੋਂ ਅਸੀਂ ਇਨਸਾਫ਼ ਲਈ ਲੜ ਰਹੇ ਸੀ। ਹੁਣ ਇਹ ਸਾਡੇ ਲਈ ਰਾਹਤ ਦੀ ਖਬਰ ਹੈ।

ਹਾਈ ਕੋਰਟ ਨੇ ਬੁੱਧਵਾਰ ਨੂੰ 28 ਅਪੀਲਾਂ ਨੂੰ ਸਵੀਕਾਰ ਕਰਦੇ ਹੋਏ ਇਹ ਫੈਸਲਾ ਦਿੱਤਾ ਹੈ। ਜਸਟਿਸ ਪੰਕਜ ਭੰਡਾਰੀ ਅਤੇ ਸਮੀਰ ਜੈਨ ਦੇ ਬੈਂਚ ਨੇ ਕਿਹਾ- 'ਜਾਂਚ ਅਧਿਕਾਰੀ ਨੂੰ ਕਾਨੂੰਨੀ ਜਾਣਕਾਰੀ ਨਹੀਂ ਹੈ। ਜਿਸ ਕਾਰਨ ਡੀਜੀਪੀ ਨੂੰ ਉਸ ਖਿਲਾਫ਼ ਕਾਰਵਾਈ ਕਰਨ ਲਈ ਕਿਹਾ ਗਿਆ ਹੈ।

ਸਾਲ 2019 'ਚ ਜੈਪੁਰ ਬੰਬ ਧਮਾਕੇ ਦੇ ਮਾਮਲੇ 'ਚ ਫੈਸਲਾ ਸੁਣਾਉਂਦੇ ਹੋਏ ਹੇਠਲੀ ਅਦਾਲਤ ਨੇ ਇਸ ਮਾਮਲੇ 'ਚ 4 ਦੋਸ਼ੀਆਂ ਮੁਹੰਮਦ ਸੈਫ, ਸੈਫੁਰ ਰਹਿਮਾਨ, ਸਰਵਰ ਆਜ਼ਮੀ ਅਤੇ ਮੁਹੰਮਦ ਸਲਮਾਨ ਨੂੰ ਦੋਸ਼ੀ ਠਹਿਰਾਇਆ ਸੀ। ਅਦਾਲਤ ਨੇ ਮੁਲਜ਼ਮਾਂ ਨੂੰ ਯੂਏਪੀਏ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਦੋਸ਼ੀ ਠਹਿਰਾਇਆ। ਇਕ ਦੋਸ਼ੀ ਨੂੰ ਵੀ ਬਰੀ ਕਰ ਦਿੱਤਾ ਗਿਆ ਸੀ। ਇਸ ਮਾਮਲੇ 'ਚ ਕੁੱਲ 5 ਦੋਸ਼ੀ ਸਨ।

ਸਜ਼ਾ ਸੁਣਾਉਂਦੇ ਹੋਏ ਹੇਠਲੀ ਅਦਾਲਤ ਨੇ ਕਿਹਾ ਸੀ ਕਿ ਧਮਾਕੇ ਪਿੱਛੇ ਜੇਹਾਦੀ ਮਾਨਸਿਕਤਾ ਸੀ। ਇਹ ਮਾਨਸਿਕਤਾ ਇੱਥੇ ਹੀ ਨਹੀਂ ਰੁਕੀ। ਇਸ ਤੋਂ ਬਾਅਦ ਅਹਿਮਦਾ-ਬਾਦ ਅਤੇ ਦਿੱਲੀ ਵਿੱਚ ਵੀ ਧਮਾਕੇ ਕੀਤੇ ਗਏ। ਅਦਾਲਤ ਨੇ ਚਾਰਾਂ ਨੂੰ ਕਤਲ, ਦੇਸ਼ਧ੍ਰੋਹ ਅਤੇ ਵਿਸਫੋਟਕ ਐਕਟ ਦੇ ਤਹਿਤ ਦੋਸ਼ੀ ਪਾਇਆ ਸੀ।

# ਮੁੱਖ ਮੰਤਰੀ ਭਗਵੰਤ ਮਾਨ ਨੇ ਸਿੱਖਿਆ ਵਿਭਾਗ ਵਿੱਚ ਨਵ-ਨਿਯੁਕਤ 245 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ

* ਸੂਬਾ ਸਰਕਾਰ ਨੇ ਹੁਣ ਤੱਕ 27,042 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ : ਮੁੱਖ ਮੰਤਰੀ

* ਪੰਜਾਬ ਨੂੰ ਤਬਾਹ ਕਰਨ ਦੀ ਇੱਛਾ ਰੱਖਣ ਵਾਲਿਆਂ ਤੋਂ ਦੂਰ ਰਹਿਣ ਨੌਜਵਾਨ



ਚੰਡੀਗੜ੍ਹ, 29 ਮਾਰਚ (ਪੋਸਟ ਬਿਊਰੋ): ਨੌਜਵਾਨਾਂ ਦੀ ਅਥਾਹ ਸ਼ਕਤੀ ਨੂੰ ਉਸਾਰੂ ਦਿਸ਼ਾ ਵਿੱਚ ਲਾਉਣ ਦੀ ਸੂਬਾ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਦੁਹਰਾਉਂਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਬੁੱਧਵਾਰ ਨੂੰ 219 ਕਲਰਕਾਂ ਅਤੇ 26 ਨੌਜਵਾਨਾਂ ਨੂੰ ਤਰਸ ਦੇ ਆਧਾਰ ਭਰਤੀ ਲਈ ਨਿਯੁਕਤੀ ਪੱਤਰ ਸੌਂਪੇ, ਜਿਸ ਨਾਲ ਹੁਣ ਤੱਕ ਸਰਕਾਰੀ ਨੌਕਰੀਆਂ ਹਾਸਲ ਕਰਨ ਵਾਲੇ ਨੌਜਵਾਨਾਂ ਦੀ ਕੁੱਲ ਗਿਣਤੀ 27,042 ਹੋ ਗਈ।

ਇੱਥੇ ਮਿਊਂਸਿਪਲ ਭਵਨ ਵਿੱਚ ਸਮਾਰੋਹ ਦੌਰਾਨ ਨਿਯੁਕਤੀ ਪੱਤਰ ਸੌਂਪਣ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ "ਵਿਹਲਾ ਮਨ, ਸ਼ੈਤਾਨ ਦਾ ਘਰ ਹੁੰਦਾ ਹੈ। ਇਸ ਲਈ ਅਸੀਂ ਵੱਧ ਤੋਂ ਵੱਧ ਨੌਜਵਾਨਾਂ ਨੂੰ ਨੌਕਰੀਆਂ ਦੇਣ ਲਈ ਕੋਸ਼ਿਸ਼ ਕਰ ਰਹੇ ਹਾਂ ਤਾਂ ਕਿ ਉਹ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ।"

ਮੁੱਖ ਮੰਤਰੀ ਨੇ ਕਿਹਾ ਕਿ ਬੇਰੋਜ਼ਗਾਰੀ ਕਈ ਸਮਾਜਿਕ ਸਮੱਸਿਆਵਾਂ ਦੀ ਜੜ੍ਹ ਹੈ। ਇਸ ਲਈ ਸੂਬਾ ਸਰਕਾਰ ਦਾ ਧਿਆਨ ਇਸ ਨੂੰ ਖ਼ਤਮ ਕਰਨ ਉਤੇ ਲੱਗਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਆਪਣਾ ਅਹੁਦਾ ਸੰਭਾਲਣ ਦੇ ਇਕ ਸਾਲ ਦੇ ਅੰਦਰ-ਅੰਦਰ ਹੁਣ ਤੱਕ 27,042 ਸਰਕਾਰੀ ਨੌਕਰੀਆਂ ਨੌਜਵਾਨਾਂ ਨੂੰ ਦਿੱਤੀਆਂ ਜਾ ਚੁੱਕੀਆਂ ਹਨ। ਭਗਵੰਤ ਮਾਨ ਨੇ ਕਿਹਾ ਕਿ ਇਹ ਮੁਹਿੰਮ ਆਉਣ ਵਾਲੇ ਦਿਨਾਂ ਵਿੱਚ ਵੀ ਜਾਰੀ ਰਹੇਗੀ ਕਿਉਂਕਿ ਸੂਬਾ ਸਰਕਾਰ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਕਰਨ ਉਤੇ ਸਭ ਤੋਂ ਵੱਧ ਜ਼ੋਰ ਦੇ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਮਿਊਂਸਿਪਲ ਭਵਨ ਅਜਿਹੇ ਸਮਾਰੋਹਾਂ ਦਾ ਗਵਾਹ ਬਣ ਚੁੱਕਿਆ ਹੈ, ਜਿਨ੍ਹਾਂ ਵਿੱਚ ਨੌਜਵਾਨਾਂ ਨੂੰ ਵੱਖ-ਵੱਖ ਵਿਭਾਗਾਂ ਵਿੱਚ ਭਰਤੀ ਲਈ ਨਿਯੁਕਤੀ ਪੱਤਰ ਦਿੱਤੇ ਗਏ। ਉਨ੍ਹਾਂ ਕਿਹਾ ਕਿ ਇਸ ਤੋਂ ਸੂਬਾ ਸਰਕਾਰ ਦੀ ਇਹ ਵਚਨਬੱਧਤਾ ਝਲਕਦੀ ਹੈ ਕਿ ਉਹ ਨੌਜਵਾਨਾਂ ਦੀ ਭਲਾਈ ਅਤੇ ਉਨ੍ਹਾਂ ਲਈ ਰੋਜ਼ਗਾਰ ਦੇ ਨਵੇਂ ਦਿਸਹੱਦੇ ਸਿਰਜਣ ਲਈ ਯਤਨਸ਼ੀਲ ਹੈ। ਭਗਵੰਤ ਮਾਨ ਨੇ ਕਿਹਾ ਕਿ ਇਹ ਵੱਡੇ ਮਾਣ ਵਾਲੀ ਗੱਲ ਹੈ ਕਿ ਇਨ੍ਹਾਂ ਆਸਾਮੀਆਂ ਲਈ ਸਾਰੇ ਨੌਜਵਾਨਾਂ ਦੀ ਚੋਣ ਮੈਰਿਟ ਦੇ ਆਧਾਰ ਉਤੇ ਕੀਤੀ ਗਈ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਹੁਣ ਇਹ ਨੌਜਵਾਨ ਸਰਕਾਰ ਦਾ ਅਨਿੱਖੜ ਅੰਗ ਬਣ ਗਏ ਹਨ ਅਤੇ ਹੁਣ ਉਨ੍ਹਾਂ ਨੂੰ ਮਿਸ਼ਨਰੀ ਉਤਸ਼ਾਹ ਨਾਲ ਲੋਕਾਂ ਦੀ ਸੇਵਾ ਕਰਨੀ ਚਾਹੀਦੀ ਹੈ। ਭਗਵੰਤ ਮਾਨ ਨੇ ਉਮੀਦ ਜ਼ਾਹਰ ਕੀਤੀ ਕਿ ਨਵੇਂ ਭਰਤੀ ਹੋਏ ਨੌਜਵਾਨ ਆਪਣੀ ਕਲਮ ਦੀ ਵਰਤੋਂ ਸਮਾਜ ਦੇ ਦਬੇ-ਕੁਚਲੇ ਵਰਗਾਂ ਤੇ ਲੋੜਵੰਦਾਂ ਦੀ ਮਦਦ ਲਈ ਕਰਨਗੇ। ਉਨ੍ਹਾਂ ਨਵ-ਨਿਯੁਕਤ ਉਮੀਦਵਾਰ ਨੂੰ ਪ੍ਰੇਰਿਆ ਕਿ ਉਹ ਲੋਕਾਂ ਦੀ ਵੱਧ ਤੋਂ ਵੱਧ ਮਦਦ ਕਰਨ ਤਾਂ ਕਿ ਸਮਾਜ ਦੇ ਹਰੇਕ ਵਰਗ ਨੂੰ ਇਸ ਦਾ ਫਾਇਦਾ ਮਿਲੇ।

ਮੁੱਖ ਮੰਤਰੀ ਨੇ ਸਿੱਖਿਆ ਸਰਵਿਸ ਪ੍ਰੋਵਾਈਡਰਾਂ ਦੀਆਂ ਚਿੰਤਾਵਾਂ ਨੂੰ ਸ਼ਾਂਤ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਠੇਕੇ ਉਤੇ ਭਰਤੀ ਦੀ ਪ੍ਰਣਾਲੀ ਨੂੰ ਖ਼ਤਮ ਕਰ ਕੇ ਜਲਦੀ ਉਨ੍ਹਾਂ ਦੀ ਤਨਖ਼ਾਹ ਵਧਾਉਣ ਲਈ ਨੋਟੀਫਿਕੇਸ਼ਨ ਜਾਰੀ ਕਰੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਮਾਜ ਦੇ ਹਰੇਕ ਵਰਗ ਦੀ ਭਲਾਈ ਲਈ ਵਚਨਬੱਧ ਹੈ ਅਤੇ ਇਸ ਨੇਕ ਕਾਰਜ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਭਗਵੰਤ ਮਾਨ ਨੇ ਕਿਹਾ ਕਿ ਉਹ ਇਕ ਆਮ ਪਰਿਵਾਰ ਨਾਲ ਸਬੰਧਤ ਹਨ, ਜਿਸ ਕਾਰਨ ਉਹ ਆਮ ਆਦਮੀ ਦੀਆਂ ਮੁਸ਼ਕਲਾਂ ਨੂੰ ਚੰਗੀ ਤਰ੍ਹਾਂ ਸਮਝਦੇ ਹਨ।

ਬਾਬਾ ਸਾਹਿਬ ਡਾ. ਬੀ.ਆਰ. ਅੰਬੇ-ਦਕਰ ਦੀ ਮਿਸਾਲ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਮਹਾਨ ਕੌਮੀ ਨਾਇਕ ਵੱਲੋਂ ਜੀਵਨ ਵਿੱਚ ਦੁਸ਼ਵਾਰੀਆਂ ਝੱਲ ਕੇ ਮਾਰੇ ਮਾਅਰਕੇ ਤੋਂ ਨੌਜਵਾਨਾਂ ਨੂੰ ਪ੍ਰੇਰਨਾ ਲੈ ਕੇ ਹਰੇਕ ਖੇਤਰ ਵਿੱਚ ਮੱਲਾਂ ਮਾਰਨੀਆਂ ਚਾਹੀਦੀਆਂ ਹਨ। ਉਨ੍ਹਾਂ ਕਿਹਾ ਕਿ ਕਈ ਦਿੱਕਤਾਂ ਦੇ ਬਾਵਜੂਦ ਸੰਵਿਧਾਨ ਨਿਰਮਾਤਾ ਨੇ ਸਿੱਖਿਆ ਹਾਸਲ ਕੀਤੀ ਅਤੇ ਜੀਵਨ ਵਿੱਚ ਬੁਲੰਦੀਆਂ ਨੂੰ ਛੋਹਿਆ। ਭਗਵੰਤ ਮਾਨ ਨੇ ਕਿਹਾ ਕਿ ਹਰੇਕ ਨੌਜਵਾਨ ਆਪਣੇ ਜੀਵਨ ਵਿੱਚ ਸਫ਼ਲਤਾ ਹਾਸਲ ਕਰਨ ਲਈ ਇਸ ਮਹਾਨ ਆਗੂ ਦੇ ਜੀਵਨ ਤੇ ਫਲਸਫ਼ੇ ਤੋਂ ਪ੍ਰੇਰਨਾ ਜ਼ਰੂਰ ਲਵੇ।

ਮੁੱਖ ਮੰਤਰੀ ਨੇ ਕਿਹਾ ਕਿ ਜਿਵੇਂ ਹਵਾਈ ਪੱਟੀ ਹਵਾਈ ਜਹਾਜ਼ ਦੀ ਆਰਾਮਾਇਕ ਉਡਾਣ ਲਈ ਸਹਾਇਕ ਹੁੰਦੀ ਹੈ, ਉਸੇ ਤਰ੍ਹਾਂ ਸੂਬਾ ਸਰਕਾਰ ਨੌਜਵਾਨਾਂ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਮਦਦਗਾਰ ਹੋਵੇਗੀ। ਉਨ੍ਹਾਂ ਦਾਅਵਾ ਕੀਤਾ ਕਿ ਨੌਜਵਾਨਾਂ ਦੇ ਵਿਚਾਰਾਂ ਨੂੰ ਉਡਾਣ ਦੇਣ ਲਈ ਹਰੇਕ ਸੰਭਵ ਕੋਸ਼ਿਸ਼ ਕੀਤੀ ਜਾਵੇਗੀ ਅਤੇ ਇਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਭਗਵੰਤ ਮਾਨ ਨੇ ਨੌਜਵਾਨਾਂ ਨੂੰ ਭਾਵੁਕ ਅਪੀਲ ਕੀਤੀ ਕਿ ਉਹ ਸਮਾਜ ਵਿੱਚ ਖ਼ੁਦ ਆਪਣੀ ਪਛਾਣ ਅਤੇ ਸਥਾਨ ਬਣਾਉਣ ਲਈ ਜਦੋ-ਜਹਿਦ ਕਰਨ।

ਮੁੱਖ ਮੰਤਰੀ ਨੇ ਨੌਜਵਾਨਾਂ ਨੂੰ ਪੈਰਾਸ਼ੂਟਰ ਦੀ ਥਾਂ ਜ਼ਮੀਨ ਨਾਲ ਜੁੜੇ ਰਹਿਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਜ਼ਮੀਨ ਨਾਲ ਜੁੜਿਆ ਵਿਅਕਤੀ ਜ਼ਮੀਨ ਤੋਂ ਉੱਠ ਕੇ ਅਰਸ਼ ਫਤਹਿ ਕਰ ਸਕਦਾ ਹੈ ਅਤੇ ਇਨ੍ਹਾਂ ਮਿਹਨਤੀ ਲੋਕਾਂ ਦੀ ਹੱਦ ਆਸਮਾਨ ਹੀ ਹੁੰਦਾ ਹੈ। ਇਸ ਦੇ ਉਲਟ ਪੈਰਾਸ਼ੂਟਰ ਆਸਮਾਨ ਤੋਂ ਆਉਂਦੇ ਹਨ ਅਤੇ ਉਨ੍ਹਾਂ ਕਦੇ ਨਾ ਕਦੇ ਜ਼ਮੀਨ ਉਤੇ ਡਿੱਗਣਾ ਹੁੰਦਾ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਉਨ੍ਹਾਂ ਨੇ ਅਧਿਕਾਰੀਆਂ ਖਾਸ ਕਰਕੇ ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਸੁਪਰਡੈਂਟ ਆਫ਼ ਪੁਲਿਸ ਨੂੰ ਵੱਧ ਤੋਂ ਵੱਧ ਫੀਲਡ ਦੌਰੇ ਖਾਸ ਕਰਕੇ ਪਿੰਡਾਂ ਦੇ ਦੌਰੇ ਕਰਕੇ ਲੋਕਾਂ ਨਾਲ ਗੱਲਬਾਤ ਕਰਨ ਲਈ ਆਖਿਆ ਹੈ। ਉਨ੍ਹਾਂ ਕਿਹਾ ਕਿ ਇਹ ਸਮੇਂ ਦੀ ਮੁੱਖ ਲੋੜ ਹੈ ਕਿ ਲੋਕਾਂ ਨੂੰ ਉਨ੍ਹਾਂ ਦੇ ਰੋਜ਼ਮਰ੍ਹਾ ਦੇ ਕੰਮ ਆਸਾਨੀ ਨਾਲ ਕਰਵਾਉਣ ਵਿੱਚ ਸਹਾਇਤਾ ਦੇਣ ਦੇ ਨਾਲ-ਨਾਲ ਉਨ੍ਹਾਂ ਲਈ ਬਿਹਤਰ ਪ੍ਰਸ਼ਾਸਨ ਯਕੀਨੀ ਬਣਾਇਆ ਜਾ ਸਕੇ। ਭਗਵੰਤ ਮਾਨ ਨੇ ਕਿਹਾ ਕਿ ਇਸ ਨਾਲ ਜ਼ਮੀਨੀ ਹਕੀਕਤਾਂ ਤੋਂ ਜਾਣੂ ਹੋਣ ਦੇ ਨਾਲ-ਨਾਲ ਦਫ਼ਤਰਾਂ ਦੇ ਕੰਮਕਾਜ ਨੂੰ ਬਿਹਤਰ ਬਣਾਉਣ ਵਿੱਚ ਮਦਦ ਮਿਲੇਗੀ।

ਮੁੱਖ ਮੰਤਰੀ ਨੇ ਅਫਸੋਸ ਜ਼ਾਹਰ ਕੀਤਾ ਕਿ ਕੁਝ ਲੋਕ ਆਪਣੇ ਸਵਾਰਥਾਂ ਦੀ ਪੂਰਤੀ ਲਈ ਸੂਬੇ ਨੂੰ ਧਾਰਮਿਕ ਲੀਹਾਂ 'ਤੇ ਵੰਡਣ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਆਪੂ ਬਣੇ ਧਰਮ ਦੇ ਆਗੂਆਂ ਦਾ ਸੂਬੇ ਅਤੇ ਇੱਥੋਂ ਦੇ ਲੋਕਾਂ ਨਾਲ ਕੋਈ ਲੈਣਾ-ਦੇਣਾ ਨਹੀਂ ਹੈ। ਉਨ੍ਹਾਂ ਕਿਹਾ ਕਿ ਇਹ ਆਗੂ ਸਿਰਫ਼ ਸੂਬੇ ਦੀ ਅਮਨ-ਸ਼ਾਂਤੀ ਨੂੰ ਭੰਗ ਕਰਨਾ ਚਾਹੁੰਦੇ ਹਨ।

ਮੁੱਖ ਮੰਤਰੀ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਸੂਬਾ ਸਰਕਾਰ ਹਰ ਕੀਮਤ 'ਤੇ ਪੰਜਾਬ ਵਿੱਚ ਸ਼ਾਂਤੀ, ਸਦਭਾਵਨਾ ਅਤੇ ਭਾਈਚਾਰਕ ਸਾਂਝ ਨੂੰ ਕਾਇਮ ਰੱਖਣ ਲਈ ਪਾਬੰਦ ਹੈ। ਉਨ੍ਹਾਂ ਕਿਹਾ ਕਿ ਅੱਜ ਸਿੱਖਿਆ ਦਾ ਯੁੱਗ ਹੈ ਅਤੇ ਵਿਸ਼ਵ ਭਰ ਵਿੱਚ ਗਿਆਨ ਅਤੇ ਮੁਹਾਰਤ ਵਾਲੇ ਲੋਕਾਂ ਦੀ ਵੱਖਰੀ ਪਛਾਣ ਹੈ, ਜਿਸ ਕਰਕੇ ਸੂਬਾ ਸਰਕਾਰ ਪੰਜਾਬ ਵਿੱਚ ਸਿੱਖਿਆ ਨੂੰ ਪ੍ਰਫੁੱਲਤ ਕਰਨ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ। ਭਗਵੰਤ ਮਾਨ ਨੇ ਕਿਹਾ ਕਿ ਉਹ ਨੌਜਵਾਨਾਂ ਦੇ ਹੱਥਾਂ ਵਿੱਚ ਕਿਤਾਬਾਂ, ਲੈਪਟਾਪ, ਨੌਕਰੀਆਂ, ਤਰੱਕੀ ਅਤੇ ਮੈਡਲ ਦੇਖਣਾ ਚਾਹੁੰਦੇ ਹਨ।





ਸੰਤ ਬਾਬਾ ਸੰਤ ਰਾਮ ਜੀ ਦੀ ਸਾਲਾਨਾ ਬਰਸੀ ਦੇ ਸੰਬੰਧ ਵਿਚ 7 ਅਪ੍ਰੈਲ ਤੋਂ 9 ਅਪ੍ਰੈਲ ਤੱਕ ਹੋਣਗੇ ਸਮਾਗਮ

ਸੰਤ ਸਮਾਗਮ

ਪਿੰਡ ਚੀਮਨਾ ਦੇ ਸਮੂਹ ਨਗਰ ਅਤੇ ਇਲਾਕਾ ਨਿਵਾਸੀਆਂ ਵਲੋਂ ਸੰਤ ਬਾਬਾ ਸੰਤ ਰਾਮ ਜੀ ਦੀ ਸਾਲਾਨਾ ਬਰਸੀ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਿਤੀ 7 ਅਪ੍ਰੈਲ ਤੋਂ 9 ਅਪ੍ਰੈਲ 2023 ਨੂੰ ਸ੍ਰੀ ਗੁਰ ਨਾਨਕ ਸਿੱਖ ਸੈਂਟਰ, 99 ਗਲੀਡਨ ਰੋਡ, ਬਰੈਂਪਟਨ ਵਿਖੇ ਮਨਾਈ ਜਾ ਰਹੀ ਹੈ। ਸਮੂਹ ਸੰਗਤ ਅਤੇ ਇਲਾਕਾ ਨਿਵਾਸੀਆਂ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਸਮਾਗਮ ਵਿਚ ਹਾਜ਼ਿਰ ਹੋ ਕੇ ਲਾਹਾ ਲੈਣ ਅਤੇ ਗੁਰੂਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

ਪ੍ਰੋਗਰਾਮ ਦਾ ਵੇਰਵਾ

ਆਰੰਭ ਸ੍ਰੀ ਆਖੰਡ ਪਾਠ ਸਾਹਿਬ

ਮਿਤੀ 7 ਅਪਰੈਲ 2023 ਦਿਨ ਸ਼ੁਕਰਵਾਰ ਸਵੇਰੇ 9 ਵਜੇ

ਭੋਗ ਸ੍ਰੀ ਅਖੰਡ ਪਾਠ ਸਾਹਿਬ

ਮਿਤੀ 9 ਅਪ੍ਰੈਲ 2023 ਦਿਨ ਐਤਵਾਰ ਸਵੇਰੇ 10 ਵਜੇ

ਉਪਰੰਤ ਕੀਰਤਨ, ਕਥਾ ਅਤੇ ਢਾਡੀ ਦਰਵਾਰ ਹੋਵੇਗਾ

ਗੁਰੂ ਕਾ ਲੰਗਰ ਅਤੁਟ ਵਰਤੇਗਾ ਜੀ



REXDALE BODY SHOP

USED CAR SALE



CHEEMA

LOWEST PRICE IN TOWN

Specialization In:

★ All Kinds of Body Work
★ Auto Glass Windshield
★ Denting, Painting & Welding

SPECIAL PAINT JOB $779

RENTAL CAR PROVIDED



ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ

25 years of Canadian Experience

OPEN MON - SAT 9AM TO 7PM

Call Rick or Manminder Cheema: 416.749.9596 /416.951.6431

Towing Service Car Paint Starts $799*upto 100% Deductible Paid*

30 Racine Rd. Toronto, ON, M9W 2Z3, FAX: 416.749.9597

www.AAABODYSHOP.ca

mcheemaaaa@hotmail.com

URGENTLY NEED NEW LISTINGS IN BRAMPTON/CALEDON

visit: www.teamjagaujla.com

JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com

ADVERTISEMENT GUARANTEED TILL SOLD

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD



**Hwy 7/ Churchill Rd/Tanners Dr**
ਵਧੀਆ ਲੋਕੇਸ਼ਨ, ਡਬਲ ਸਟੋਰੀ ਘਰ, 3400 ਸਕੇਅਰ ਫੁਟ, 3 ਖੁਲੇ-ਡੁਲੇ ਬੈਡਰੂਮ, ਫਿਨੀਸ਼ਡ ਬੈਸਮੈਂਟ, ਸਟੋਨ ਪੈਟਿਓ, ਪਾਵਰ ਗਰਾਜ਼ ਤੇ ਹੋਰ ਵੀ ਬਹੁਤ ਕੁਝ, ਅੱਜ ਹੀ ਸੰਪਰਕ ਕਰੋ।

**Mclaughlin Rd & Steeles Ave**
ਸੋਹਣਾ ਤੇ ਸਾਫ ਸੁਥਰਾ, ਮਾਡਰਨ ਲੇਆਓਟ, 3515 ਸਕੇਅਰ ਫੁਟ ਵਿਚ 4 + 2 ਬੈਡਰੂਮ ਤੇ 5 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਨਵੇ ਰੂਫ ਸ਼ਿੰਗਲ, ਪਿਛਲੇ ਸਾਲ ਬਣੀ ਬੈਸਮੈਂਟ। ਸੰਪਰਕ ਕਰੋ

**Wanless /Queen Mary /Mclaughlin**
2016 ਵਿਚ ਬਣਿਆ, ਡਬਲ ਡੋਰ ਗਰਾਜ਼, 4364 ਸਕੇਅਰ ਫੁਟ, 4 ਖੁਲੇ-ਡੁਲੇ ਬੈਡਰੂਮ ਤੇ 5 ਵਾਸ਼ਰੂਮ, ਫਿਨੀਸ਼ਡ ਬੈਸਮੈਂਟ ਜਿਸ ਨੂੰ ਸੈਪਰੇਟ ਏਨੰਟਰੈਂਸ ਤੇ 2 ਬੈਡਰੂਮ ਲਈ ਸੰਪਰਕ ਕਰੋ।

**Chinguacousy & Bovaird**
ਸ਼ਾਨਦਾਰ ਤੇ ਸਾਫ ਸੁਥਰਾ, ਮਾਡਰਨ ਲੇਆਓਟ ਵਿਚ 4 ਬੈਡਰੂਮ ਤੇ 4 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਅਪਗ੍ਰੇਡਡ ਕਿਚਨ, ਫਿਨੀਸ਼ ਬੈਸਮੈਂਟ ਤੇ ਹੋਰ ਵੀ ਕਈ ਅਪਗ੍ਰੇਡਜ਼, ਸੰਪਰਕ ਕਰੋ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232
JAG AUJLA 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

Dr. Randhawa Dentistry
*Your own dentist who really cares for you*

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist

New Patients welcome
Deal Directly with all Insurance Companies

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜ਼ਰ ਨਹੀਂ ਆਉਂਦੀਆਂ
Show Your Smile More With Invisible Braces!

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

Mayfield Rd | Mcvean Dr | Gore Rd | Squire Ellis Dr | Countryside Dr

Grand Upholstery Ltd
Sofa Company Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ

ਕੁਆਲਿਟੀ ਮੂਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017